ਐਤਵਾਰ ਸੈਪਸ਼ਲ

# ਲੋਕ ਬਾਣੀ

ਐਤਵਾਰ, 26 ਜਨਵਰੀ 2025

# ਢਾਡੀ ਪਰੰਪਰਾ ਨੂੰ ਸਮਰਪਿਤ ਗਿਆਨੀ ਹਰਭਜਨ ਸਿੰਘ ਰੰਗੀਲਾ ਦਾ ਢਾਡੀ ਜਥਾ

ਪੁਰਾਤਨ ਕਿਸੇ ਸੰਭਾਲਣੇ, ਸੰਸਕ੍ਰਿਤੀ, ਪ੍ਰਾਕਿਰਤੀ ਅਤੇ ਸੱਭਿਆਚਾਰ ਨੂੰ ਸਾਂਭਣ ਦਾ ਕੰਮ ਢਾਡੀ ਕਰਦੇ ਸਨ। ਸ੍ਰੀ ਗੁਰੂ ਨਾਨਕ ਦੇਵ ਜੀ ਆਪਣੇ ਆਪ ਨੂੰ ਢਾਡੀ ਤਸਲੀਮ ਕਰਦੇ ਸਨ "ਹਉ ਢਾਡੀ ਬੇਕਾਰ ਕਾਰੇ ਲਾਇਆ" ਆਪ ਨੇ ਆਪਣੇ ਆਪ ਨੂੰ ਨਿਰੰਕਾਰ ਦਾ ਢਾਡੀ ਮੰਨਿਆ ਹੈ। ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਨੇ ਆਪਣੇ ਪਿਤਾ ਜੀ ਦੀ ਸ਼ਹਾਦਤ ਤੋਂ ਬਾਅਦ ਕੌਮ ਵਿੱਚ ਬੀਰ ਰਸ ਪੈਦਾ ਕਰਨ ਲਈ ਉਸ ਸਮੇਂ ਦੇ ਨਾਮਵਰ ਢਾਡੀ ਨਥਮਲ ਅਤੇ ਅਬਦੁਲ ਨੂੰ ਅਕਾਲ ਤਖ਼ਤ 'ਤੇ ਮਾਣ ਦਿੱਤਾ ਹੈ। ਉਦੋਂ ਤੋਂ ਹੀ ਢਾਡੀਆਂ ਨੇ ਆਪਣੇ ਆਪ ਨੂੰ ਗੁਰੂ ਪ੍ਰਤੀ ਸਮਰਪਿਤ ਕਰ ਦਿੱਤਾ। ਗੁਰੂ ਗੋਬਿੰਦ ਸਿੰਘ ਜੀ ਵੇਲੇ ਵੀ ਢਾਡੀ ਮੁਸ਼ਕੀ ਤੇ ਤਬੀਲਾ ਹੋਏ ਹਨ। ਗੁਰੂ ਸਾਹਿਬ ਦਾ ਇਹ ਹੁਕਮਨਾਮਾ ਕਿ ਜਿੱਥੇ ਮੇਰਾ ਢਾਡੀ ਕੀਰਤਨ ਕਰੇਗਾ ਉੱਥੇ ਮੈਂ ਖੁਦ ਹੋਵਾਂਗਾ। ਸੰਗਤਾਂ ਇਨਾਂ ਦਾ ਵੱਧ ਤੋ ਵੱਧ ਸਨਮਾਨ ਕਰਨ। ਇਹ ਗੁਰੂ ਸਾਹਿਬ ਜੀ ਦੀ ਢਾਡੀਆਂ ਪ੍ਰਤੀ ਇੱਕ ਵੱਡੀ ਉਦਾਰਤਾ ਅਤੇ ਅਸੀਸ ਹੈ। ਇਹ ਵਿਚਾਰ ਢਾਡੀ ਹਰਭਜਨ ਸਿੰਘ ਰੰਗੀਲਾ ਨੇ ਇੱਕ ਵਿਸ਼ੇਸ਼ ਮੁਲਾਕਾਤ ਦੌਰਾਨ ਸਾਂਝੇ ਕੀਤੇ।




ਢਾਡੀ ਪਰੰਪਰਾ ਨੂੰ ਅੱਗੇ ਤੋਰਦਿਆਂ ਗੱਲ ਕਰੀਏ ਤਾਂ ਅੱਜ ਢਾਡੀ ਜਗਤ ਵਿੱਚ ਢਾਡੀ ਹਰਭਜਨ ਸਿੰਘ ਰੰਗੀਲਾ ਦਾ ਜਿਕਰਯੋਗ ਨਾਮ ਹੈ। ਅੱਜ ਸਿੱਖਰ 'ਤੇ ਹੈ ਹਰਭਜਨ ਸਿੰਘ ਰੰਗੀਲੇ ਦਾ ਢਾਡੀ ਜਥਾ। ਦਮਦਾਰ ਅਤੇ ਜੋਸ਼ ਭਰੀ ਆਵਾਜ਼ ਦਾ ਨਾਂ ਹੈ ਹਰਭਜਨ ਸਿੰਘ ਰੰਗੀਲਾ। ਹਰਭਜਨ ਸਿੰਘ ਰੰਗੀਲਾ ਦਾ ਪਿਛੋਕੜ ਜਿਲਾ ਮੋਹਾਲੀ ਦਾ ਪਿੰਡ ਜੰਡਪੁਰ ਹੈ। ਸੰਨ 1981 ਤੋਂ ਢਾਡੀ ਕਲਾ ਨੂੰ ਸਮਰਪਿਤ ਗਿਆਨੀ ਹਰਭਜਨ ਸਿੰਘ ਦਾ ਜਥਾ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਦੀਆਂ ਧਾਰਮਿਕ ਸਟੇਜਾਂ ਰਾਹੀ ਸੰਗਤਾਂ ਅਤੇ ਨਵੀਂ ਪੀੜੀ ਨੂੰ ਇਤਿਹਾਸ ਬਾਰੇ ਜਾਣੂੰ ਕਰਵਾਉਂਦਾ ਆ ਰਿਹਾ ਹੈ। ਗਿਆਨੀ ਹਰਭਜਨ ਸਿੰਘ ਰੰਗੀਲਾ ਨੇ ਬਤੌਰ ਲੇਖਕ ਵੀ ਇਸ ਖੇਤਰ 'ਚ ਪਛਾਣ ਬਣਾਈ ਹੈ। ਉਸ ਦੀਆਂ ਲਿਖਤ ਕਵਿਤਾਵਾਂ ਨੂੰ ਕਈ ਪ੍ਰਸਿੱਧ ਢਾਡੀ ਜਿਨਾਂ 'ਚ ਮਲਕੀਤ ਸਿੰਘ ਪਪਰਾਲੀ, ਸੁਖਜਿੰਦਰ ਸਿੰਘ ਚੰਗਿਆੜਾ, ਗੁਰਨਾਮ ਸਿੰਘ ਮੋਹੀ ਆਦਿ ਜਥੇ ਕਵਿਤਾਵਾਂ ਨੂੰ ਪ੍ਰਸੰਗ ਸਾਹਿਤ ਆਪਣੀਆਂ ਸਟੇਜਾਂ ਉੱਤੇ ਗਾਉਣ ਦਾ ਮਾਣ ਹਸਿਲ ਹੈ। ਇਸ ਸਮੇਂ ਹਰਭਜਨ ਸਿੰਘ ਦੇ ਢਾਡੀ ਜਥੇ ਦੇ ਮੈਂਬਰਾਂ 'ਚ ਢੋਲਕ ਮਾਸਟਰ ਅੱਛਰ ਸਿੰਘ ਖਰੜ, ਢੱਡਵਾਦਕ ਰਘਵੀਰ ਸਿੰਘ ਬੱਲੀ ਅਤੇ ਤੇਜਪਾਲ ਸਿੰਘ ਭਜੋਲੀ ਸੁਰਾਂ ਦੇ ਸਾਗਰ ਨਾਲ ਜੋਸ਼ ਪੈਦਾ ਕਰਦੇ ਹਨ। ਜਲਦੀ ਹੀ ਹਰਭਜਨ ਸਿੰਘ ਰੰਗੀਲੇ ਦਾ ਜਥਾ ਇੱਕ ਧਾਰਮਿਕ ਸ਼ਿੰਗਲ ਟਰੈਕ ਸੰਗਤਾਂ ਦੀ ਝੋਲੀ ਪਾਉਣਗੇ।



ਕਾਲਾ ਸਿੰਘ ਸੈਣੀ
56, ਸਵਰਾਜ ਨਗਰ, ਖਰੜ, ਮੋਹਾਲੀ।




ਸੱਚ ਤੇ ਨਿਡਰ ਆਵਾਜ਼ ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਐਤਵਾਰ, 26 ਜਨਵਰੀ 2025
Email:- lokbani08@gmail.com










R. N. I. Punpun/29016/2008 * ਸਾਲ 16 , * ਅੰਕ : 225, * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111


## ਦੇਸ਼ਾਂ ਵਿਦੇਸ਼ਾਂ ਵਿੱਚ ਵਸਦੇ ਰੋਜ਼ਾਨਾ ਲੋਕ ਬਾਣੀ ਦੇ ਪਾਠਕਾਂ ਨੂੰ ਗਣਤੰਤਰ ਦਿਵਸ ਦੀਆਂ ਵਧਾਈਆਂ




## ਟਰੰਪ ਨੇ ਭਾਰਤੀ ਮੂਲ ਦੇ ਅਮਰੀਕੀ ਪਤਰਕਾਰ ਨੂੰ ਆਪਣਾ ਡਿਪਟੀ ਪ੍ਰੈਸ ਸੈਕਟਰੀ ਬਣਾਇਆ



ਵਾਸ਼ਿੰਗਟਨ ਲੋਕ ਬਾਣੀ- ਅਮਰੀਕੀ ਰਾਸ਼ਟਰਪਤੀ ਡੌਨਾਲਡ ਟਰੰਪ ਨੇ ਭਾਰਤੀ-ਅਮਰੀਕੀ ਸਾਬਕਾ ਪੱਤਰਕਾਰ ਕੁਸ਼ ਦੇਸਾਈ ਨੂੰ ਆਪਣਾ ਡਿਪਟੀ ਪ੍ਰੈਸ ਸਕੱਤਰ ਨਿਯੁਕਤ ਕੀਤਾ ਹੈ। ਇਹ ਐਲਾਨ ਵ੍ਹਾਈਟ ਹਾਊਸ ਨੇ ਕੀਤਾ ਹੈ। ਦੇਸਾਈ ਪਹਿਲਾਂ ਆਇਓਵਾ ਸੂਬੇ ਵਿਚ ਰਿਪਬਲਿਕਨ ਪਾਰਟੀ ਲਈ 2024 ਰਿਪਬਲਿਕਨ ਨੈਸ਼ਨਲ ਕਨਵੈਨਸ਼ਨ ਅਤੇ ਸੰਚਾਰ ਨਿਰਦੇਸ਼ਕ ਲਈ ਡਿਪਟੀ ਸੰਚਾਰ ਨਿਰਦੇਸ਼ਕ ਵਜੋਂ ਸੇਵਾ ਨਿਭਾਅ ਚੁੱਕੇ ਹਨ। ਦੇਸਾਈ ਰਿਪਬਲਿਕਨ ਨੈਸ਼ਨਲ ਕਮੇਟੀ ਵਿੱਚ ਡਿਪਟੀ ਬੈਟਲਗ੍ਰਾਊਂਡ ਸਟੇਟਸ ਅਤੇ ਪੈਨਸਿਲਵੇਨੀਆ ਸੰਚਾਰ ਨਿਰਦੇਸ਼ਕ ਵੀ ਸਨ।

## ਮੇਰਠ ਪੁਲਿਸ ਨੇ ਪੰਜ ਵਿਅਕਤੀਆਂ ਦੇ ਕਾਤਲ ਨੂੰ ਮੁਕਾਬਲੇ ਵਿਚ ਕੀਤਾ ਢੇਰ



ਮੇਰਠ ਲੋਕ ਬਾਣੀ-- ਅਧਿਕਾਰੀਆਂ ਨੇ ਦੱਸਿਆ ਕਿ ਆਪਣੇ ਪਰਿਵਾਰ ਦੇ ਪੰਜ ਜੀਆਂ ਦੇ ਕਤਲ ਕੇਸ ਦੇ ਇਕ ਮੁੱਖ ਸ਼ੱਕੀ ਮੁਲਜ਼ਮ ਨੂੰ ਯੂਪੀ ਪੁਲੀਸ ਨੇ ਸ਼ਨਿੱਚਰਵਾਰ ਸਵੇਰੇ ਇੱਕ ਪੁਲੀਸ ਮੁਕਾਬਲੇ ਵਿੱਚ ਮਾਰ ਦਿੱਤਾ। ਉਸ ਦੇ ਸਿਰ 'ਤੇ 50,000 ਰੁਪਏ ਦਾ ਇਨਾਮ ਸੀ।ਇੱਕ ਬਿਆਨ ਵਿੱਚ ਪੁਲੀਸ ਨੇ ਕਿਹਾ ਕਿ ਇੱਕ ਟੀਮ ਨੇ ਸ਼ਨਿੱਚਰਵਾਰ ਸਵੇਰੇ ਜਮੀਲ ਹੁਸੈਨ ਉਰਫ ਨਈਮ ਦਾ ਪਤਾ ਲਗਾਇਆ

## ਹਮਾਮ ਨੇ ਗਾਜ਼ਾ ਜੰਗ ਬੰਦੀ ਦੋਰਾਨ ਚਾਰ ਮਹਿਲਾ ਸੈਨਿਕ ਨੂੰ ਰਿਹਾ ਕੀਤਾ



ਦੀਰ ਅਲ-ਬਲਾਹ ਲੋਕ ਬਾਣੀ- -ਹਮਾਸ ਨੇ ਸ਼ਨਿੱਚਰਵਾਰ ਨੂੰ ਚਾਰ ਇਜ਼ਰਾਈਲੀ ਬੰਦੀ ਮਹਿਲਾ ਸੈਨਿਕਾਂ ਨੂੰ ਰਿਹਾਅ ਕਰ ਦਿੱਤਾ। ਇਸ ਤੋਂ ਪਹਿਲਾਂ ਇਨ੍ਹਾਂ ਬੰਧਕਾਂ ਨੂੰ ਭੀੜ ਦੇ ਸਾਹਮਣੇ ਘੁਮਾਇਆ ਗਿਆ। ਦੂਜੇ ਪਾਸੇ ਇਜ਼ਰਾਈਲ ਵੀ ਗਾਜ਼ਾ ਪੱਟੀ ਵਿੱਚ ਨਾਜ਼ੁਕ ਜੰਗਬੰਦੀ ਦੇ ਹਿੱਸੇ ਵਜੋਂ 200 ਫਲਸਤੀਨੀ ਕੈਦੀਆਂ ਜਾਂ ਨਜ਼ਰਬੰਦਾਂ ਨੂੰ ਰਿਹਾਅ ਕਰੇਗਾ। ਇਜ਼ਰਾਈਲ ਨੇ ਪੁਸ਼ਟੀ ਕੀਤੀ ਕਿ ਇਨ੍ਹਾਂ ਬੰਧਕਾਂ ਦੀ ਸਪੁਰਗੀ ਉਸ ਦੀਆਂ ਫੌਜਾਂ ਨੂੰ ਮਿਲ ਚੁੱਕੀ ਹੈ, ਜਿਨ੍ਹਾਂ ਨੂੰ ਪਹਿਲਾਂ ਹਮਾਸ ਵੱਲੋਂ ਰੈੱਡ ਕਰਾਸ ਦੇ ਹਵਾਲੇ ਕਰ ਦਿੱਤਾ ਗਿਆ ਸੀ।

## ਆਵਾਰਾ ਕੁੱਤਿਆਂ ਦੀ ਕਰਤੂਤ ਮਾਂ ਬਾਪ ਦੇ ਇਕਲੌਤੇ ਪੁੱਤਰ ਨੂੰ ਨੋਚ ਨੋਚ ਖਾਧਾ




ਅੰਮ੍ਰਿਤਸਰ, ਲੋਕ ਬਾਣੀ-ਪੰਜਾਬ ਵਿਚ ਆਵਾਰਾ ਕੁੱਤਿਆਂ ਦਾ ਕਹਿਰ ਬਹੁਤ ਵੱਧ ਗਿਆ ਹੈ। ਰੋਜ਼ ਕਿਤੇ ਨਾ ਕਿਤੇ ਕੁੱਤੇ ਕਿਸੇ ਨਾ ਕਿਸੇ ਨੂੰ ਆਪਣਾ ਸ਼ਿਕਾਰ ਬਣਾ ਰਹੇ ਹਨ। ਅਜਿਹਾ ਹੀ ਇਕ ਮਾਮਲਾ ਬਲਾਕ ਚੋਗਾਵਾਂ ਦੇ ਪਿੰਡ ਟਪਿਆਲਾ ਤੋਂ ਸਾਹਮਣੇ ਆਇਆ ਹੈ, ਜਿਥੇ ਆਵਾਰਾ ਕੁੱਤਿਆਂ ਨੇ ਮਾਪਿਆਂ ਦੇ ਇਕਲੌਤੇ 7 ਸਾਲ ਦੇ ਮਾਸੂਮ ਬੱਚੇ ਨੂੰ ਨੋਚ-ਨੋਚ ਕੇ ਖਾ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮ੍ਰਿਤਕ ਬੱਚੇ ਦੇ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਸਹਿਬਾਜ ਸਿੰਘ ਜੋ ਪਹਿਲੀ ਜਮਾਤ ਵਿਚ ਪੜ੍ਹਦਾ ਸੀ। ਅੱਜ ਛੁੱਟੀ ਹੋਣ ਉਤੇ ਸਕੂਲ ਦਾ ਬਸਤਾ ਘਰ ਰੱਖ ਕੇ ਬਾਹਰ ਖੇਡਣ ਗਿਆ, ਜਿਥੇ ਆਵਾਰਾ ਕੁੱਤਿਆਂ ਦੇ ਝੁੰਡ ਨੇ ਸਹਿਬਾਜ ਸਿੰਘ ਉਤੇ ਹਮਲਾ ਕਰਕੇ ਨੋਚ-ਨੋਚ ਕੇ ਖਾ ਲਿਆ,

## ਭਗਵੰਤ ਮਾਨ ਨੂੰ ਦਿੱਤੀ ਪੰਨੂ ਨੇ ਧਮਕੀ



ਪਟਿਆਲਾ, ਲੋਕ ਬਾਣੀ-ਵਿਦੇਸ਼ ਰਹਿੰਦੇ ਗਰਮ ਖਿਆਲੀ ਗੁਰਪਤਵੰਤ ਸਿੰਘ ਪੰਨੂ ਨੇ ਗਣਤੰਤਰ ਦਿਵਸ ਦੇ ਮੌਕੇ 'ਤੇ ਪਟਿਆਲਾ ਵਿਖੇ ਕੌਮੀ ਤਿਰੰਗਾ ਲਹਿਰਾਉਣ ਆ ਰਹੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਨਿਸ਼ਾਨੇ 'ਤੇ ਲੈਣ ਦੀ ਗੱਲ ਆਖੀ ਹੈ। ਪਟਿਆਲਾ ਦੇ ਮੀਡੀਆ ਨੂੰ ਈਮੇਲ ਸੰਦੇਸ਼ ਭੇਜ ਕੇ ਉਨ੍ਹਾ ਸਕੂਲੀ ਬੱਚਿਆਂ ਤੇ ਹੋਰਾਂ ਨੂੰ 26 ਜਨਵਰੀ ਵਾਲੇ ਦਿਨ ਪੋਲੋ ਗਰਾਊਂਡ ਵਿਖੇ ਨਾ ਆਉਣ ਦੀ ਸਲਾਹ ਵੀ ਦਿੱਤੀ। ਇਸ ਦੌਰਾਨ ਪੰਨੂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਤੁਲਨਾ ਮਰਹੂਮ ਮੁੱਖ ਮੰਤਰੀ ਬੇਅੰਤ ਸਿੰਘ ਦੇ ਨਾਲ ਵੀ ਕੀਤੀ। ਗੁਰਪਤਵੰਤ ਸਿੰਘ ਪੰਨੂ ਵੱਲੋਂ ਮੁੱਖ ਮੰਤਰੀ ਦੇ ਨਾਮ ਜਾਰੀ ਕੀਤੀ ਗਈ ਅਜਿਹੀ ਧਮਕੀ ਸਬੰਧੀ ਈਮੇਲ ਕਈ ਹੋਰਨਾ ਸਮੇਤ ਪਟਿਆਲਾ ਤੋਂ 'ਪੰਜਾਬੀ ਟ੍ਰਿਬਿਊਨ' ਦੇ ਪੱਤਰਕਾਰ ਨੂੰ ਵੀ ਭੇਜੀ ਹੈ, ਜਿਸ ਦਾ ਮਜ਼ਮੂਨ ਹੇਠਾਂ ਮੌਜੂਦ ਹੈ।

## ਅੱਜ ਕੱਢੇ ਜਾਣਗੇ ਕਿਸਾਨਾਂ ਵਲੋਂ ਟਰੈਕਟਰ ਮਾਰਚ



ਭੁਲਥ, ਸਵਰਨ ਸਿੰਘ--ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ 26 ਜਨਵਰੀ ਨੂੰ ਜੋ ਟਰੈਕਟਰ ਮਾਰਚ ਕੱਢਿਆ ਜਾ ਰਿਹਾ ਹੈ, ਇਸ ਟਰੈਕਟਰ ਮਾਰਚ ਵਿਚ ਭਾਰਤੀ ਕਿਸਾਨ ਯੂਨੀਅਨ (ਕਾਦੀਆਂ) ਅਤੇ ਹੋਰ ਵੱਡੀ ਗਿਣਤੀ ਵਿਚ ਕਿਸਾਨ ਸ਼ਮੂਲੀਅਤ ਕਰਨਗੇ। ਇਹ ਪ੍ਰਗਟਾਵਾ ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੇ ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਲਿੱਟਾਂ, ਦਲਬੀਰ ਸਿੰਘ ਨਾਨਕਪੁਰ, ਪੂਰਨ ਸਿੰਘ ਖੱਸਣ ਅਤੇ ਜਸਵਿੰਦਰ ਸਿੰਘ ਮਾਨਾ ਤਲਵੰਡੀ ਨੇ ਇਕ ਸਾਂਝੇ ਬਿਆਨ ਰਾਹੀਂ ਕੀਤਾ।

## ਦੇਸ਼ ਵਿਚ ਸੋਨੇ ਦੀਆਂ ਕੀਮਤਾਂ ਰਿਕਾਰਡ ਪੱਧਰ ਤੇ ਪੁੱਜੀਆਂ



ਚੰਡੀਗੜ੍ਹ, ਵਿਨੋਦ ਸ਼ਰਮਾ -ਸੋਨੇ ਦੀਆਂ ਕੀਮਤਾਂ ਵਿੱਚ ਇਸ ਹਫਤੇ ਅੱਠਵੇਂ ਦਿਨ ਵੀ ਵਾਧਾ ਜਾਰੀ ਰਿਹਾ ਅਤੇ ਇਹ ਪਹਿਲੀ ਵਾਰ 200 ਰੁਪਏ ਦੇ ਵਾਧੇ ਨਾਲ 83,000 ਰੁਪਏ ਪ੍ਰਤੀ 10 ਗ੍ਰਾਮ ਦੇ ਅੰਕੜੇ ਨੂੰ ਪਾਰ ਕਰ ਗਿਆ। ਆਲ ਇੰਡੀਆ ਸਰਾਫਾ ਐਸੋਸੀਏਸ਼ਨ ਦੇ ਅਨੁਸਾਰ 99.9 ਫੀਸਦੀ ਸ਼ੁੱਧਤਾ ਵਾਲਾ ਸੋਨਾ ਸ਼ੁੱਕਰਵਾਰ ਨੂੰ 83,100 ਰੁਪਏ ਪ੍ਰਤੀ 10 ਗ੍ਰਾਮ ਦੇ ਨਵੇਂ ਰਿਕਾਰਡ ਉੱਚ ਪੱਧਰ 'ਤੇ ਪਹੁੰਚ ਗਿਆ, ਜੋ ਵੀਰਵਾਰ ਨੂੰ 82,900 ਰੁਪਏ ਸੀ। ਕੌਮਾਂਤਰੀ ਪੱਧਰ 'ਤੇ ਸੋਨੇ ਦੀਆਂ ਕੀਮਤਾਂ ਵੀ ਸ਼ੁੱਕਰਵਾਰ ਨੂੰ ਲਗਭਗ ਤਿੰਨ ਮਹੀਨਿਆਂ ਦੇ ਉੱਚੇ ਪੱਧਰ 'ਤੇ ਪਹੁੰਚ ਗਈਆਂ ਕਿਉਂਕਿ ਇਹ £2780 ਦੇ ਆਸਪਾਸ ਵਪਾਰ ਕਰ ਰਿਹਾ ਹੈ, ਜਿਸ ਨਾਲ ਉਨ੍ਹਾਂ ਦਾ ਲਗਾਤਾਰ ਚੌਥਾ ਹਫਤਾਵਾਰੀ ਲਾਭ ਹੋਇਆ।

## ਦੁਨੀਆਂ ਦੇ ਸਭ ਤੋਂ ਉੱਚੇ ਪੁੱਲ ਤੋਂ ਲੱਗੀ ਵੰਦੇ ਭਾਰਤ ਟਰੇਨ



ਸ੍ਰੀਨਗਰ, ਲੋਕ ਬਾਣੀ- ਸਾਲਾਂ ਦੀ ਸਖ਼ਤ ਮਿਹਨਤ ਤੇ ਸਮਰਪਣ ਅਤੇ ਕੁਝ ਇੰਜੀਨੀਅਰਿੰਗ ਅਜੂਬਿਆਂ ਤੇ ਕਾਰਨਾਮਿਆਂ ਤੋਂ ਬਾਅਦ ਕਸ਼ਮੀਰ ਨੂੰ ਰੇਲ ਨਾਲ ਜੋੜਨ ਦਾ ਸੁਪਨਾ ਆਖ਼ਰ ਸ਼ਨਿੱਚਰਵਾਰ ਨੂੰ ਇੱਕ ਖ਼ਾਸ ਤੌਰ 'ਤੇ ਡਿਜ਼ਾਈਨ ਕੀਤੀ ਗਈ 'ਵੰਦੇ ਭਾਰਤ ਐਕਸਪ੍ਰੈਸ') ਰੇਲ ਗੱਡੀ ਦੇ ਵਾਦੀ 'ਚ ਸ੍ਰੀਨਗਰ ਰੇਲਵੇ ਸਟੇਸ਼ਨ ਉਤੇ ਪਹੁੰਚਣ ਤੋਂ ਬਾਅਦ ਸਾਕਾਰ ਹੋ ਗਿਆ, ਜਿਸ ਦੀ ਅੱਜ ਅਜ਼ਮਾਇਸ਼ੀ ਯਾਤਰਾ ਮੁਕੰਮਲ ਕੀਤੀ ਗਈ।ਰੇਲ ਗੱਡੀ ਆਪਣੀ ਪਹਿਲੀ ਅਜ਼ਮਾਇਸ਼ੀ ਯਾਤਰਾ 'ਤੇ ਜੰਮੂ ਦੇ ਕਟੜਾ ਤੋਂ ਸ਼ਹਿਰ ਦੇ ਬਾਹਰਵਾਰ ਨੌਗਾਮ ਖੇਤਰ ਵਿੱਚ ਸ੍ਰੀਨਗਰ ਸਟੇਸ਼ਨ 'ਤੇ ਪਹੁੰਚੀ। ਇਸ ਤੋਂ ਪਹਿਲਾਂ ਇਹ ਸ਼ੁੱਕਰਵਾਰ ਨੂੰ ਜੰਮੂ ਪਹੁੰਚੀ ਸੀ।







ਪੱਤਰਕਾਰਾਂ ਲਈ ਸੁਨਹਿਰਾ ਮੌਕਾ

ਪੰਜਾਬ ਦੇ ਹਰ ਜ਼ਿਲੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ ਪੱਤਰਕਾਰਾ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 9915594111

# ਪੰਜਾਬ ਨੇ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨਾਲ ਪ੍ਰੀ-ਬਜਟ ਮੀਟਿੰਗ ਵਿੱਚ ਬੁਨਿਆਦੀ ਢਾਂਚੇ ਨੂੰ ਹੁਲਾਰਾ ਦੇਣ ਲਈ ਕਈ ਮੰਗਾਂ ਕੀਤੀਆਂ ਪੇਸ਼



ਚੰਡੀਗੜ੍ਹ, (ਲੋਕ ਬਾਣੀ) ਪੰਜਾਬ ਨੇ ਸਰਹੱਦੀ ਸੁਰੱਖਿਆ ਅਤੇ ਪੁਲਿਸ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੇਂਦਰ ਤੋਂ 1,000 ਕਰੋੜ ਰੁਪਏ ਦੀ ਮੰਗ ਕੀਤੀ ਹੈ। ਰਾਜ ਨੇ ਉਦਯੋਗਿਕ ਪ੍ਰੋਤਸਾਹਨ, ©121♣4 ਦੀ ਐਸਟੀ-ਐਸਏਓ ਸੀਮਾ ਦੀ ਬਹਾਲੀ, ਅਤੇ ਸੜਕ ਸੰਪਰਕ, ਇੱਕ ਨਵੀਂ ਵੰਦੇ ਭਾਰਤ ਰੇਲਗੱਡੀ, ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ ਅਤੇ ਝੋਨੇ ਦੀ ਵਿਭਿੰਨਤਾ ਲਈ ਫੰਡਾਂ ਦੀ ਵੀ ਮੰਗ ਕੀਤੀ। ਹੋਰ ਬੇਨਤੀਆਂ ਵਿੱਚ ਪੇਂਡੂ ਰਿਹਾਇਸ਼, ਰਾਸ਼ਟਰੀ ਸਿਹਤ ਮਿਸ਼ਨ ਅਤੇ ਸ਼ਹਿਰੀ ਆਵਾਜਾਈ ਲਈ ਵਧੇ ਹੋਏ ਫੰਡ ਸ਼ਾਮਲ ਸਨ।

ਜੈਸਲਮੇਰ ਵਿੱਚ ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨਾਲ ਪ੍ਰੀ-ਬਜਟ ਮੀਟਿੰਗ ਵਿੱਚ, ਪੰਜਾਬ ਨੇ ਸੂਬੇ ਲਈ 1,000 ਕਰੋੜ ਰੁਪਏ ਦੇ ਪੈਕੇਜ ਅਤੇ ਉਦਯੋਗਿਕ ਪ੍ਰੋਤਸਾਹਨ ਦੀ ਮੰਗ ਕੀਤੀ। ਪੰਜਾਬ ਸਰਕਾਰ ਨੇ ਸਰਹੱਦੀ ਜ਼ਿਲ੍ਹਿਆਂ ਵਿੱਚ ਪੁਲਿਸ ਦੇ ਆਧੁਨਿਕੀਕਰਨ ਅਤੇ ਸੁਰੱਖਿਆ ਉਪਾਵਾਂ ਨੂੰ ਮਜ਼ਬੂਤ ਕਰਨ ਲਈ ਇਹ ਸਹਾਇਤਾ ਮੰਗੀ ਸੀ।

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੀਟਿੰਗ ਦੌਰਾਨ ਕੇਂਦਰੀ ਵਿੱਤ ਮੰਤਰੀ ਅੱਗੇ ਸੂਬੇ ਦੀਆਂ ਕਈ ਮੁੱਖ ਮੰਗਾਂ ਰੱਖੀਆਂ। ਉਨ੍ਹਾਂ ਨੇ ©121♣4 ਅਧੀਨ ਥੋੜ੍ਹੇ ਸਮੇਂ ਦੇ ਮੌਸਮੀ ਖੇਤੀਬਾੜੀ ਕਾਰਜਾਂ (♥“♥1®) ਦੀ ਸੀਮਾ ਨੂੰ 3,041 ਕਰੋੜ ਤੱਕ ਬਹਾਲ ਕਰਨ ਦੀ ਮੰਗ ਕੀਤੀ। ਇਸ ਮੰਗ ਦਾ ਉਦੇਸ਼ ਕਿਸਾਨਾਂ ਨੂੰ ਆੜ੍ਹਤੀਆਂ ਤੇ ਨਿਰਭਰ ਹੋਣ ਤੋਂ ਰੋਕਣਾ ਹੈ।

ਉਨ੍ਹਾਂ ਨੇ ਪ੍ਰਧਾਨ ਮੰਤਰੀ ਗਤੀ ਸ਼ਕਤੀ ਯੋਜਨਾ ਤਹਿਤ ਰਾਜਪੁਰਾ ਵਿੱਚ ਸੜਕ ਸੰਪਰਕ ਲਈ 100 ਕਰੋੜ ਰੁਪਏ ਦੇ ਫੰਡ ਦੀ ਬੇਨਤੀ ਕੀਤੀ ਤਾਂ ਜੋ ©8-44 ਨੂੰ ਰਾਜਪੁਰਾ ਦੇ ਏਕੀਕ੍ਰਿਤ ਨਿਰਮਾਣ ਕਲੱਸਟਰ ਨਾਲ ਜੋੜਿਆ ਜਾ ਸਕੇ।

ਪੰਜਾਬ ਸਰਕਾਰ ਨੇ ਬਠਿੰਡਾ ਤੋਂ ਨਵੀਂ ਦਿੱਲੀ ਲਈ ਵੰਦੇ ਭਾਰਤ ਰੇਲਗੱਡੀ ਦੀ ਵੀ ਮੰਗ ਕੀਤੀ। ਵਿੱਤ ਮੰਤਰੀ ਨੇ ਕਿਹਾ ਕਿ ਮਾਲਵਾ ਖੇਤਰ ਨੂੰ ਬਿਹਤਰ ਰੇਲ ਸੰਪਰਕ ਪ੍ਰਦਾਨ ਕਰਨ ਲਈ ਇਹ ਕਦਮ ਜ਼ਰੂਰੀ ਹੈ।

ਪੰਜਾਬ ਦੇ ਵਿੱਤ ਮੰਤਰੀ ਨੇ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਵਿੱਤੀ ਸਹਾਇਤਾ ਦਾ ਵੀ ਪ੍ਰਸਤਾਵ ਰੱਖਿਆ। ਉਨ੍ਹਾਂ ਨੇ ਪ੍ਰਤੀ ਏਕੜ 2,500 ਰੁਪਏ ਦੀ ਪ੍ਰੋਤਸਾਹਨ ਰਾਸ਼ੀ ਦਾ ਸੁਝਾਅ ਦਿੱਤਾ, ਜਿਸ ਵਿੱਚ ਭਾਰਤ ਸਰਕਾਰ ਵੱਲੋਂ 2,000 ਰੁਪਏ ਅਤੇ ਰਾਜ ਵੱਲੋਂ 500 ਰੁਪਏ ਦਾ ਯੋਗਦਾਨ ਸ਼ਾਮਲ ਹੈ। ਇਸ ਦੇ ਨਾਲ ਹੀ ਝੋਨੇ ਦੀ ਕਾਸ਼ਤ ਵਿੱਚ ਵਿਭਿੰਨਤਾ ਲਿਆਉਣ ਲਈ ਵਿਸ਼ੇਸ਼ ਬਜਟ ਅਲਾਟਮੈਂਟ ਦੀ ਵੀ ਮੰਗ ਕੀਤੀ ਗਈ।

# ਅੰਬਾਲਾ ਦੇ ਬਸਪਾ ਆਗੂ ਹਰਬਿਲਾਸ ਰੱਜੂ ਮਾਜਰਾ ਦਾ ਅਣਪਛਾਤੇ ਬਦਮਾਸ਼ਾਂ ਨੇ ਗੋਲੀਆਂ ਮਾਰ ਕੇ ਕੀਤਾ ਕਤਲ, ਦੋ ਸਾਥੀ ਵੀ ਜ਼ਖ਼ਮੀ



ਅੰਬਾਲਾ (ਲੋਕ ਬਾਣੀ)- ਅੰਬਾਲਾ ਦੇ ਨਰਾਇਣਗੜ੍ਹ ਇਲਾਕੇ ਵਿੱਚ ਬਸਪਾ ਵਿਧਾਇਕ ਉਮੀਦਵਾਰ ਹਰਬਿਲਾਸ ਰੱਜੂ ਮਾਜਰਾ ਦਾ ਕਤਲ ਕਰ ਦਿੱਤਾ ਗਿਆ ਹੈ। ਸ਼ੁੱਕਰਵਾਰ ਦੇਰ ਸ਼ਾਮ ਨੂੰ ਨਰਾਇਣਗੜ੍ਹ ਚ ਬਦਮਾਸ਼ਾਂ ਨੇ ਉਨ੍ਹਾਂ ਤੇ ਗੋਲੀਆਂ ਚਲਾ ਦਿੱਤੀਆਂ। ਇਸ ਮਗਰੋਂ ਹਰਬਿਲਾਸ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਪੀਜੀਆਈ ਰੈਫ਼ਰ ਕਰ ਦਿੱਤਾ ਗਿਆ ਪਰ ਰੱਜੂ ਮਾਜਰਾ ਨੂੰ ਬਚਾਇਆ ਨਹੀਂ ਜਾ ਸਕਿਆ। ਕਾਰ ਵਿੱਚ ਹਰਬਿਲਾਸ ਅਤੇ ਉਸਦੇ ਦੋ ਦੋਸਤ ਪੂਨੀਤ ਡਾਂਗ ਅਤੇ ਗੂਗਲ ਪੰਡਿਤ ਬੈਠੇ ਸਨ। ਫਿਰ ਅਣਪਛਾਤੇ ਹਮਲਾਵਰਾਂ ਨੇ ਉਨ੍ਹਾਂ ਤੇ ਹਮਲਾ ਕਰ ਦਿੱਤਾ। ਇਸ ਵਿੱਚ ਹਰਬਿਲਾਸ ਅਤੇ ਪੁਨੀਤ ਜ਼ਖ਼ਮੀ ਹੋ ਗਏ।ਪੁਨੀਤ ਦੀ ਲੱਤ ਵਿੱਚ ਗੋਲੀ ਲੱਗੀ ਸੀ।ਪੁਲਸ ਨੇ ਇਹ ਵੀ ਕਿਹਾ ਕਿ ਇਸ ਘਟਨਾ ਦੇ ਪਿੱਛੇ ਦਾ ਕਾਰਨ ਅਜੇ ਪਤਾ ਨਹੀਂ ਲੱਗ ਸਕਿਆ ਹੈ। ਵੱਖ-ਵੱਖ ਟੀਮਾਂ ਬਣਾਈਆਂ ਗਈਆਂ ਹਨ ਤਾਂ ਜੋ ਮੁਲਜ਼ਮਾਂ ਨੂੰ ਫੜਿਆ ਜਾ ਸਕੇ।

# ਗੁਰਜੀਤ ਸਿੰਘ ਤਲਵੰਡੀ ਖਿਲਾਫ਼ ਅਕਾਲੀ ਦਲ ਦਾ ਵੱਡਾ ਐਕਸ਼ਨ, 6 ਸਾਲ ਲਈ ਪਾਰਟੀ ਚੋਂ ਕੱਢਿਆ ਬਾਹਰ




ਚੰਡੀਗੜ੍ਹ-(ਲੋਕ ਬਾਣੀ) ਅਕਾਲੀ ਦਲ 'ਚ ਲੋਹ ਪੁਰਸ਼ ਵੱਜੋਂ ਮਸ਼ਹੂਰ ਰਹੇ ਸਵਰਗੀ ਪਾਰਟੀ ਪ੍ਰਧਾਨ ਤੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਰਹੇ ਜਥੇਦਾਰ ਜਗਦੇਵ ਸਿੰਘ ਤਲਵੰਡੀ ਦੇ ਦੋਹਤੇ ਗੁਰਜੀਤ ਸਿੰਘ ਤਲਵੰਡੀ ਹੁਣ ਅਕਾਲੀ ਦਲ ਨੇ ਬਾਹਰ ਰਸਤਾ ਦਿਖਾ ਦਿੱਤਾ। ਗੁਰਜੀਤ ਸਿੰਘ ਤਲਵੰਡੀ ਵਲੋਂ ਪਾਰਟੀ ਲੀਡਰਸ਼ਿਪ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲੇ ਇੰਨ ਬਿੰਨ ਲਾਗੂ ਕਰਨ ਦੀ ਦਿਤੀ ਸਲਾਹ ਮਹਿੰਗੀ ਪੈ ਗਈ ਹੈ। ਬੀਤੇ ਦਿਨ ਉਨ੍ਹਾਂ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਰਾਹੀਂ ਬਿਨਾਂ ਕੋਈ ਨੋਟਿਸ ਦਿਤੇ ਪਾਰਟੀ 'ਚੋਂ ਬਰਖ਼ਾਸਤ ਕਰ ਦਿਤਾ ਗਿਆ ਹੈ।

ਗੁਰਜੀਤ ਸਿੰਘ ਤਲਵੰਡੀ ਅਕਾਲੀ ਦਲ ਦੇ ਜਨਰਲ ਸਕੱਤਰ ਸਨ। ਪਿਛਲੇ ਦਿਨੀ ਜਦੋਂ ਅਕਾਲੀ ਦਲ ਨੇ ਅਕਾਲ ਤਖ਼ਤ ਦੇ ਫ਼ੈਸਲਿਆਂ ਨੂੰ ਮੰਨਣ ਤੋਂ ਕਿਨਾਰਾ ਕਰਨਾ ਸ਼ੁਰੂ ਕੀਤਾ ਸੀ ਤਾਂ ਉਸ ਤੋਂ ਬਾਅਦ ਗੁਰਜੀਤ ਸਿੰਘ ਨੇ ਅਕਾਲ ਤਖ਼ਤ ਸਾਹਿਬ ਦੇ ਸਾਰੇ ਫ਼ੈਸਲੇ ਮੰਨਣ ਦੀ ਸਲਾਹ ਦਿਤੀ ਸੀ। ਇਸ ਤੋਂ ਇਲਾਵਾ ਉਹ ਇਸ ਗੱਲ ਦੇ ਹੱਕ 'ਚ ਵੀ ਪਾਰਟੀ ਨੂੰ ਦਲੀਲ ਨਾਲ ਦਸ ਰਹੇ ਸਨ ਕਿ ਕਾਨੂੰਨੀ ਤੌਰ 'ਤੇ ਪਾਰਟੀ ਦੀ ਮਾਨਤਾ ਨੂੰ ਅਕਾਲ ਤਖ਼ਤ ਦੀ 7 ਮੈਂਬਰੀ ਕਮੇਟੀ ਬਾਰੇ ਫ਼ੈਸਲਾ ਮੰਨਣ ਨਾਲ ਕੋਈ ਖ਼ਤਰਾ ਨਹੀਂ ਹੈ।

ਪਾਰਟੀ 'ਚੋਂ ਬਰਖ਼ਾਸਤਗੀ ਬਾਅਦ ਗੁਰਜੀਤ ਸਿੰਘ ਤਲਵੰਡੀ ਨੇ ਸਖ਼ਤ ਪ੍ਰਤੀਕਰਮ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲਿਆਂ ਨਾਲ ਖੜਨ ਕਾਰਨ ਖ਼ਮਿਆਜ਼ਾ ਭੁਗਤਣਾ ਪਿਆ ਹੈ। ਉਨ੍ਹਾਂ ਕਿਹਾ ਕਿ ਮੈਂ ਪਾਰਟੀ ਦਾ ਕੌਮੀ ਜਨਰਲ ਸਕੱਤਰ ਸੀ ਅਤੇ ਜ਼ਿਲ੍ਹਾ ਪ੍ਰਧਾਨ ਰਾਹੀਂ ਬਰਖ਼ਾਸਤਗੀ ਬਿਲਕੁਲ ਗ਼ਲਤ ਹੈ ਅਤੇ ਇਸ ਵੇਲੇ ਪਾਰਟੀ ਦਾ ਢਾਂਚਾ ਵੀ ਭੰਗ ਹੈ।

ਕਾਰਜਕਾਰੀ ਪ੍ਰਧਾਨ ਦੀ ਦੇਖ ਰੇਖ 'ਚ ਕੰਮ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੈਨੂੰ ਮਾਣ ਹੈ ਕਿ ਮੈਂ ਅਕਾਲੀ ਦਲ ਦੇ ਲੋਹ ਪੁਰਸ਼ ਜਥੇਦਾਰ ਤਲਵੰਡੀ ਦੇ ਪਰਵਾਰ 'ਚੋਂ ਹਾਂ। ਉਨ੍ਹਾਂ ਕਿਹਾ ਕਿ ਮੇਰੇ ਲਈ ਪੰਥ, ਗੁਰੂ ਗ੍ਰੰਥ ਸਾਹਿਬ ਅਤੇ ਅਕਾਲ ਤਖ਼ਤ ਸਾਹਿਬ ਪਹਿਲਾਂ ਹੈ ਤਾਂ ਪਾਰਟੀ ਤੇ ਹੋਰ ਗੱਲਾਂ ਬਾਅਦ 'ਚ।

# ਜ਼ੀਰੇ ਵਿੱਚ ਹੋਈ ਗੋਲਾਬਾਰੀ, ਗੋਲੀ ਲੱਗਣ ਨਾਲ ਇੱਕ ਨੌਜਵਾਨ ਦੀ ਮੌਤ, ਇੱਕ ਜ਼ਖ਼ਮੀ



(ਲੋਕ ਬਾਣੀ) ਜ਼ੀਰਾ ਨੂੰ ਇੱਕ ਵਾਰ ਫਿਰ ਸ਼ੂਟਿੰਗ ਦੇ ਮੁੱਦੇ ਦਾ ਸਾਹਮਣਾ ਕਰਨਾ ਪਿਆ ਹੈ। ਦੱਸ ਦੇਈਏ ਕਿ ਇਸ ਮਾਮਲੇ ਵਿੱਚ ਗੋਲੀ ਲੱਗਣ ਨਾਲ ਇੱਕ ਨੌਜਵਾਨ ਦੀ ਮੌਕੇ ਤੇ ਹੀ ਮੌਤ ਹੋ ਗਈ ਜਦੋਂ ਕਿ ਇੱਕ ਹੋਰ ਨੌਜਵਾਨ ਜ਼ਖਮੀ ਹੋ ਗਿਆ, ਜਿਸਨੂੰ ਜੀਰਾ ਦੇ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ।

ਘਟਨਾ ਬਾਰੇ ਜਾਣਕਾਰੀ ਦਿੰਦੇ ਹੋਏ ਜ਼ਖਮੀ ਨੌਜਵਾਨ ਨੇ ਦੱਸਿਆ ਕਿ ਉਹ ਆਪਣੇ ਦੋਸਤ ਨਾਲ ਕੁਝ ਖਾਣ-ਪੀਣ ਲਈ ਕਾਰ ਵਿੱਚ ਬੈਠਣ ਜਾ ਰਿਹਾ ਸੀ। ਇਸ ਦੌਰਾਨ ਤਿੰਨ-ਚਾਰ ਗੱਡੀਆਂ ਨੇ ਉਸਦਾ ਪਿੱਛਾ ਕਰਨਾ ਸ਼ੁਰੂ ਕਰ ਦਿੱਤਾ। ਉਨ੍ਹਾਂ ਗੱਡੀਆਂ ਵਿੱਚ ਸਵਾਰ ਲੋਕਾਂ ਤੇ ਲਾਹਨਤ। ਇਸ ਦੌਰਾਨ ਗੋਲੀ ਲੱਗਣ ਨਾਲ ਉਸਦਾ ਸਾਥੀ ਮੌਕੇ ਤੇ ਹੀ ਮਾਰਿਆ ਗਿਆ ਅਤੇ ਉਹ ਜ਼ਖਮੀ ਹੋ ਗਿਆ।

ਇਸ ਤੋਂ ਇਲਾਵਾ, ਜਿਸ ਇਲਾਕੇ ਵਿੱਚ ਇਹ ਘਟਨਾ ਵਾਪਰੀ, ਉੱਥੇ ਦੇ ਲੋਕਾਂ ਨੇ ਕਿਹਾ ਕਿ ਉਨ੍ਹਾਂ ਨੇ ਅਚਾਨਕ ਆਵਾਜ਼ ਸੁਣੀ। ਜਦੋਂ ਉਹ ਬਾਹਰ ਨਿਕਲਿਆ ਤਾਂ ਉਸਨੇ ਦੇਖਿਆ ਕਿ ਇੱਕ ਸਵਿਫਟ ਕਾਰ ਪਲਟ ਗਈ ਸੀ ਅਤੇ ਉਸ ਦੇ ਹੇਠਾਂ ਇੱਕ ਨੌਜਵਾਨ ਸੀ, ਜਿਸਨੂੰ ਉਸਨੇ ਬਚਾਇਆ ਅਤੇ ਨੌਜਵਾਨ ਦੇ ਮਰਨ ਤੋਂ ਪਹਿਲਾਂ ਉਸਨੂੰ ਬੜੀ ਮੁਸ਼ਕਲ ਨਾਲ ਬਾਹਰ ਕੱਢਿਆ।

ਘਟਨਾ ਬਾਰੇ ਜਾਣਕਾਰੀ ਦਿੰਦੇ ਹੋਏ ਸਿਵਲ ਹਸਪਤਾਲ ਜੀਰਾ ਵਿਖੇ ਤਾਇਨਾਤ ਇੱਕ ਡਾਕਟਰ ਨੇ ਦੱਸਿਆ ਕਿ ਇੱਕ ਨੌਜਵਾਨ ਗੰਭੀਰ ਜ਼ਖਮੀ ਹਾਲਤ ਵਿੱਚ ਉਨ੍ਹਾਂ ਕੋਲ ਪਹੁੰਚਿਆ। ਜਦੋਂ ਉਸਨੇ ਉਸਨੂੰ ਦੇਖਿਆ ਤਾਂ ਨੌਜਵਾਨ ਮਰ ਚੁੱਕਾ ਸੀ। ਉਨ੍ਹਾਂ ਕਿਹਾ ਕਿ ਨੌਜਵਾਨ ਦੀ ਮੌਤ ਦੇ ਕਾਰਨਾਂ ਦਾ ਪਤਾ ਫੋਰੈਂਸਿਕ ਟੀਮ ਦੀ ਰਿਪੋਰਟ ਤੋਂ ਬਾਅਦ ਹੀ ਲੱਗੇਗਾ। ਪੁਲਿਸ ਨੇ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।

# ਗਣਤੰਤਰ ਦਿਵਸ ਮੌਕੇ ਗ੍ਰਹਿ ਮੰਤਰਾਲੇ ਵੱਲੋਂ ਪੀ.ਐਮ.ਡੀ.ਐਸ. ਅਤੇ ਐਮ.ਐਮ.ਐਸ. ਨਾਲ ਸਨਮਾਨਿਤ ਕੀਤੇ ਜਾਣ ਵਾਲੇ ਪੰਜਾਬ ਪੁਲਿਸ ਦੇ ਅਧਿਕਾਰੀਆਂ/ਕਰਮਚਾਰੀਆਂ ਦੇ ਨਾਵਾਂ ਦਾ ਐਲਾਨ



ਚੰਡੀਗੜ੍ਹ, (ਲੋਕ ਬਾਣੀ) :ਪੰਜਾਬ ਪੁਲਿਸ ਦੀਆਂ ਸ਼ਾਨਦਾਰ ਸੇਵਾਵਾਂ ਨੂੰ ਮਾਨਤਾ ਦਿੰਦਿਆਂ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਨੇ 76ਵੇਂ ਗਣਤੰਤਰ ਦਿਵਸ ਦੀ ਪੂਰਵ ਸੰਧਿਆ 'ਤੇ, ਪੰਜਾਬ ਪੁਲਿਸ ਦੇ ਉਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਦੇ ਨਾਵਾਂ ਦਾ ਐਲਾਨ ਕੀਤਾ, ਜਿਨ੍ਹਾਂ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ (ਪੀਐਮਡੀਐਸ) ਅਤੇ ਸ਼ਾਨਦਾਰ ਸੇਵਾ ਲਈ ਮੈਡਲ (ਐਮਐਮਐਸ) ਨਾਲ ਸਨਮਾਨਿਤ ਕੀਤਾ ਜਾਵੇਗਾ।

ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਇੰਟੈਲੀਜੈਂਸ ਆਰ.ਕੇ. ਜੈਸਵਾਲ ਅਤੇ ਏਡੀਜੀਪੀ ਐਂਟੀ ਨਾਰਕੋਟਿਕਸ ਟਾਸਕ ਫੋਰਸ (ਏਐਨਟੀਐਫ) ਨੀਲਾਭ ਕਿਸ਼ੋਰ ਨੂੰ ਵਿਲੱਖਣ ਸੇਵਾ ਲਈ ਰਾਸ਼ਟਰਪਤੀ ਮੈਡਲ ਨਾਲ ਸਨਮਾਨਿਤ ਕੀਤਾ ਜਾਵੇਗਾ।

ਇਸੇ ਤਰ੍ਹਾਂ ਆਈਪੀਐਸ ਅਧਿਕਾਰੀ ਇੰਸਪੈਕਟਰ ਜਨਰਲ ਆਫ਼ ਪੁਲਿਸ (ਆਈਜੀਪੀ) ਲੁਧਿਆਣਾ ਰੇਂਜ ਧਨਪ੍ਰੀਤ ਕੌਰ ਅਤੇ ਪੀਪੀਐਸ ਅਧਿਕਾਰੀ ਏਆਈਜੀ ਫਾਈਨੈਂਸ਼ੀਅਲ ਇੰਟੈਲੀਜੈਂਸ ਯੂਨਿਟ ਤੇਜਿੰਦਰਜੀਤ ਸਿੰਘ ਉਨ੍ਹਾਂ 15 ਅਧਿਕਾਰੀਆਂ/ਕਰਮਚਾਰੀਆਂ ਵਿੱਚ ਸ਼ਾਮਲ ਹਨ ਜਿਨ੍ਹਾਂ ਨੂੰ ਸ਼ਾਨਦਾਰ ਸੇਵਾ ਲਈ ਮੈਡਲ ਵਾਸਤੇ ਚੁਣਿਆ ਗਿਆ ਹੈ। ਇਸੇ ਤਰ੍ਹਾਂ ਸ਼ਾਨਦਾਰ ਸੇਵਾ ਲਈ ਮੈਡਲ ਨਾਲ ਸਨਮਾਨਿਤ ਕੀਤੇ ਜਾਣ ਵਾਲੇ ਬਾਕੀ ਅਧਿਕਾਰੀਆਂ/ਕਰਮਚਾਰੀਆਂ ਵਿੱਚ ਇੰਸਪੈਕਟਰ ਇੰਦਰਦੀਪ ਸਿੰਘ, ਇੰਸਪੈਕਟਰ ਅਮਰੀਕ ਸਿੰਘ, ਇੰਸਪੈਕਟਰ ਜਗਰੂਪ ਸਿੰਘ, ਇੰਸਪੈਕਟਰ ਬਲਵਿੰਦਰ ਸਿੰਘ, ਐਸਆਈ ਬਲਬੀਰ ਚੰਦ, ਐਸਆਈ ਇਕਬਾਲ ਸਿੰਘ, ਐਸਆਈ ਸਤੀਸ਼ ਕੁਮਾਰ, ਐਸਆਈ ਬਲਵੀਰ ਚੰਦ, ਐਸਆਈ ਲਖਵੀਰ ਸਿੰਘ, ਐਸਆਈ ਡਿੰਪਲ ਕੁਮਾਰ, ਐਸਆਈ ਹਰਵਿੰਦਰ ਕੁਮਾਰ, ਏਐਸਆਈ ਸੁਖਬੀਰ ਸਿੰਘ ਅਤੇ ਏਐਸਆਈ ਹਰਪਾਲ ਸਿੰਘ ਸ਼ਾਮਲ ਹਨ।

ਐਵਾਰਡ ਜੇਤੂਆਂ ਨੂੰ ਵਧਾਈ ਦਿੰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਇਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਦੀਆਂ ਸੇਵਾਵਾਂ ਨੂੰ ਮਾਨਤਾ ਦੇਣ ਅਤੇ ਸਮੁੱਚੇ ਪੰਜਾਬ ਪੁਲਿਸ ਬਲ ਦਾ ਮਨੋਬਲ ਵਧਾਉਣ ਲਈ ਕੇਂਦਰ ਸਰਕਾਰ ਅਤੇ ਸੂਬਾ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਅਜਿਹੀ ਮਾਨਤਾ ਪੁਲਿਸ ਬਲ ਨੂੰ ਹੋਰ ਸਮਰਪਣ ਅਤੇ ਲਗਨ ਨਾਲ ਕੰਮ ਕਰਨ ਲਈ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ, ਜੋ ਕਿ ਬਹੁਤ ਸਾਰੀਆਂ ਸੁਰੱਖਿਆ ਚੁਣੌਤੀਆਂ ਦਾ ਸਾਹਮਣੇ ਕਰਨ ਵਾਲੇ ਸਰਹੱਦੀ ਸੂਬੇ ਵਿੱਚ ਅਤਿ ਲੋੜੀਂਦੀ ਹੈ।

# ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ



ਅੰਮ੍ਰਿਤਸਰ-(ਲੋਕ ਬਾਣੀ) ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ ਸਭਾ-ਸੁਸਾਇਟੀਆਂ ਤੇ ਸੰਗਤਾਂ ਦੇ ਸਹਿਯੋਗ ਨਾਲ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਦੀ ਆਰੰਭਤਾ ਤੋਂ ਪਹਿਲਾਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਵਧੀਕ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਨੇ ਪੰਜ ਪਿਆਰੇ ਸਾਹਿਬਾਨ ਤੇ ਨਿਸ਼ਾਨਚੀ ਸਿੰਘਾਂ ਨੂੰ ਸਿਰੋਪਾਓ ਦੇ ਕੇ ਨਿਵਾਜਿਆ। ਆਰੰਭਤਾ ਸਮੇਂ ਅਰਦਾਸ ਉਪਰੰਤ ਗਿਆਨੀ ਅਮਰਜੀਤ ਸਿੰਘ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ ਅਤੇ ਨਗਰ ਕੀਰਤਨ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਤਾਬਿਆ ਬੈਠ ਚੌਰ ਸਾਹਿਬ ਦੀ ਸੇਵਾ ਵੀ ਨਿਭਾਈ। ਨਗਰ ਕੀਰਤਨ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਸਾਹਿਬਾਨ, ਧਾਰਮਿਕ ਸਭਾ-ਸੁਸਾਇਟੀਆਂ ਦੇ ਨੁਮਾਇੰਦੇ ਤੇ ਨਿਹੰਗ ਸਿੰਘ ਵੀ ਵੱਡੀ ਗਿਣਤੀ ਵਿਚ ਮੌਜੂਦ ਸਨ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਰੰਭ ਹੋਏ ਨਗਰ ਕੀਰਤਨ ਦਾ ਪਲਾਜ਼ਾ ਘੰਟਾ ਘਰ, ਜ਼ਲ੍ਹਿਆਂ ਵਾਲਾ ਬਾਗ, ਲੱਕੜ ਮੰਡੀ ਬਜ਼ਾਰ, ਸੁਲਤਾਨਵਿੰਡ ਗੇਟ, ਪਾਣੀ ਵਾਲੀ ਟੈਂਕੀ, ਸਵਰਨ ਹਾਊਸ, ਗੋਲਡਨ ਕਲਾਥ ਮਾਰਕੀਟ, ਸੁਲਤਾਨਵਿੰਡ ਰੋਡ, ਤੇਜ ਨਗਰ ਚੌਂਕ, ਬਜ਼ਾਰ ਸ਼ਹੀਦ ਊਧਮ ਸਿੰਘ ਨਗਰ, ਬਜ਼ਾਰ ਕੋਟ ਮਾਹਣਾ ਸਿੰਘ ਅਤੇ ਤਰਨ ਤਾਰਨ ਰੋਡ ਆਦਿ ਥਾਵਾਂ 'ਤੇ ਸੰਗਤ ਨੇ ਭਰਵਾਂ ਸਵਾਗਤ ਕਰਦਿਆਂ ਸਤਿਕਾਰ ਭੇਟ ਕੀਤਾ। ਨਗਰ ਕੀਰਤਨ ਵਿਚ ਜਿਥੇ ਗਤਕਾ ਤੇ ਬੈਂਡ ਪਾਰਟੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ, ਉਥੇ ਹੀ ਵੱਖ-ਵੱਖ ਪੜਾਵਾਂ 'ਤੇ ਸੰਗਤਾਂ ਵੱਲੋਂ ਕਈ ਪ੍ਰਕਾਰ ਦੇ ਲੰਗਰ ਲਗਾਏ ਗਏ ਸਨ।

# ਡੇਰਾ ਬੱਸੀ ਗੋਲੀਬਾਰੀ ਘਟਨਾ: ਪੰਜਾਬ ਪੁਲਿਸ ਵੱਲੋਂ ਲਾਰੈਂਸ ਬਿਸ਼ਨੋਈ ਅਤੇ ਗੋਲਡੀ ਬਰਾੜ ਗੈਂਗ ਦਾ ਕਰੀਬੀ ਸਾਥੀ ਗ੍ਰਿਫ਼ਤਾਰ; ਇੱਕ ਪਿਸਤੌਲ ਬਰਾਮਦ

ਚੰਡੀਗੜ੍ਹ, (ਲੋਕ ਬਾਣੀ) :ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਤੇ ਸੰਗਠਿਤ ਅਪਰਾਧ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਹਾਸਲ ਕਰਦਿਆਂ ਐਂਟੀ-ਗੈਂਗਸਟਰ ਟਾਸਕ ਫੋਰਸ ਪੰਜਾਬ ਨੇ ਐਸ.ਏ.ਐਸ. ਨਗਰ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਤਹਿਤ ਡੇਰਾਬੱਸੀ ਦੇ ਆਈਲੈਸਟ/ਇਮੀਗ੍ਰੇਸ਼ਨ ਸੈਂਟਰ 'ਤੇ ਹੋਈ ਗੋਲੀਬਾਰੀ ਦੀ ਘਟਨਾ ਦੇ ਸਬੰਧ ਵਿੱਚ ਲਾਰੈਂਸ ਬਿਸ਼ਨੋਈ ਅਤੇ ਗੋਲਡੀ ਬਰਾੜ ਗੈਂਗ ਦੇ ਇੱਕ ਸਾਥੀ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੁਲਿਸ ਪੰਜਾਬ ਗੌਰਵ ਯਾਦਵ ਨੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਮਹਿਫੂਜ ਉਰਫ਼ ਵਿਸ਼ਾਲ ਖਾਨ ਵਜੋਂ ਹੋਈ ਹੈ, ਜੋ ਡੇਰਾਬੱਸੀ ਦਾ ਰਹਿਣ ਵਾਲਾ ਹੈ। ਪੁਲਿਸ ਟੀਮਾਂ ਨੇ ਉਸ ਦੇ ਕਬਜ਼ੇ ਵਿੱਚੋਂ ਇੱਕ .32 ਬੋਰ ਪਿਸਤੌਲ ਅਤੇ ਪੰਜ ਕਾਰਤੂਸ ਬਰਾਮਦ ਕੀਤੇ ਹਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਅਤੇ ਲਾਰੈਂਸ ਬਿਸ਼ਨੋਈ ਤੇ ਗੋਲਡੀ ਬਰਾੜ ਗੈਂਗ ਦਾ ਇੱਕ ਹੋਰ ਮੈਂਬਰ ਮਨਜੀਤ ਉਰਫ਼ ਗੁਰੀ, ਜੋ ਇਸ ਸਮੇਂ ਤਿਹਾੜ ਜੇਲ੍ਹ ਵਿੱਚ ਬੰਦ ਹੈ, ਡੇਰਾਬੱਸੀ ਵਿੱਚ ਆਈਲੈਟਸ/ਇਮੀਗ੍ਰੇਸ਼ਨ ਸੈਂਟਰ ਵਿੱਚ ਹੋਈ ਗੋਲੀਬਾਰੀ ਦੀ ਘਟਨਾ ਦੇ ਮਾਸਟਰਮਾਈਂਡ ਸਨ। ਮਿਲੀ ਜਾਣਕਾਰੀ ਅਨੁਸਾਰ 19 ਸਤੰਬਰ, 2024 ਨੂੰ ਦਿਨ-ਦਿਹਾੜੇ ਦੋ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਡੇਰਾਬੱਸੀ ਵਿੱਚ ਆਈਲੈਟਸ /ਇਮੀਗ੍ਰੇਸ਼ਨ ਸੈਂਟਰ ਦੇ ਬਾਹਰ ਮਾਲਕ ਤੋਂ ਫਿਰੌਤੀ ਮੰਗਣ ਦੇ ਸਬੰਧ ਵਿੱਚ ਗੋਲੀਆਂ ਚਲਾਈਆਂ ਸਨ।

ਡੀਜੀਪੀ ਨੇ ਕਿਹਾ ਕਿ ਇਸ ਘਟਨਾ ਵਿੱਚ ਸ਼ਾਮਲ ਹੋਰ ਸਾਰੇ ਮੁਲਜ਼ਮਾਂ ਜਿਨ੍ਹਾਂ ਵਿੱਚ ਜਗਦੀਪ ਜੱਗਾ, ਮੋਹਿਤ ਕੁਮਾਰ ਉਰਫ਼ ਬੰਟੀ, ਅਨਮੋਲ, ਗੁਰਕੀਰਤ ਸਿੰਘ ਬੇਦੀ, ਨਿਸ਼ਾਂਤ ਕੁਮਾਰ ਉਰਫ਼ ਨਿੱਕੂ ਰਾਣਾ ਸ਼ਾਮਲ ਹਨ, ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਜਦੋਂ ਕਿ ਮਹਿਫੂਜ ਉਰਫ਼ ਵਿਸ਼ਾਲ ਖਾਨ ਫਰਾਰ ਸੀ।



ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦੇ ਹੋਏ, ਏਜੀਟੀਐਫ ਦੇ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਪ੍ਰਮੋਦ ਬਾਨ ਨੇ ਕਿਹਾ ਕਿ ਖੁਫੀਆ ਜਾਣਕਾਰੀ ਦੇ ਆਧਾਰ ਤੇ ਦੋਸ਼ੀ ਵਿਸ਼ਾਲ ਖਾਨ ਦੀਆਂ ਸੰਭਾਵਿਤ ਲੁਕਣਗਾਹਾਂ ਅਤੇ ਟਿਕਾਣਿਆਂ ਬਾਰੇ ਜਾਣਕਾਰੀ ਪ੍ਰਾਪਤ ਹੋਈ ਸੀ।

ਏਡੀਜੀਪੀ ਨੇ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਏਆਈਜੀ ਗੁਰਮੀਤ ਚੌਹਾਨ ਦੀ ਨਿਗਰਾਨੀ ਹੇਠ ਐਸਐਸਪੀ ਐਸਏਐਸ ਨਗਰ ਦੀਪਕ ਪਾਰੀਕ ਨਾਲ ਤਾਲਮੇਲ ਕਰਕੇ ਏਜੀਟੀਐਫ ਦੀਆਂ ਵਿਸ਼ੇਸ਼ ਟੀਮਾਂ ਦਾ ਗਠਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਟੀਮਾਂ ਨੇ ਸੰਭਾਵਿਤ ਲੁਕਣਗਾਹਾਂ/ਟਿਕਾਵਾਂ ਤੇ ਲਗਾਤਾਰ ਨਜ਼ਰ ਬਣਾਏ ਰੱਖੀ ਅਤੇ ਦੋਸ਼ੀ ਨੂੰ ਬਰਵਾਲਾ ਨੇੜੇ ਪੰਜਾਬ-ਹਰਿਆਣਾ ਸਰਹੱਦ ਤੋਂ ਪਿਸਤੌਲ ਸਮੇਤ ਸਫਲਤਾਪੂਰਵਕ ਗ੍ਰਿਫ਼ਤਾਰ ਕਰ ਲਿਆ।

ਏਆਈਜੀ ਏਜੀਟੀਐਫ ਗੁਰਮੀਤ ਚੌਹਾਨ ਨੇ ਕਿਹਾ ਕਿ ਗ੍ਰਿਫ਼ਤਾਰ ਮੁਲਜ਼ਮ ਦਾ ਪੁਰਾਣਾ ਅਪਰਾਧਿਕ ਰਿਕਾਰਡ ਹੈ ਅਤੇ 2023 ਤੋਂ ਉਹ ਵਿਦੇਸ਼ ਅਧਾਰਤ ਅੱਤਵਾਦੀ ਗੋਲਡੀ ਬਰਾੜ ਦੇ ਨਿਰਦੇਸ਼ਾਂ ਤੇ ਕੰਮ ਕਰ ਰਿਹਾ ਹੈ। ਗ੍ਰਿਫ਼ਤਾਰ ਮੁਲਜ਼ਮ ਨੇ ਹਰਿਆਣਾ ਦੇ ਨਾਮੀ ਗੈਂਗਸਟਰ ਜੋਗਿੰਦਰ ਉਰਫ਼ ਜੋਗਾ ਤੋਂ ਹਥਿਆਰਾਂ ਦੀ ਖੇਪ ਵੀ ਹਾਸਲ ਕੀਤੀ ਸੀ। ਦੱਸਣਯੋਗ ਹੈ ਕਿ ਜੋਗਾ ਨੇ ਸਿੱਧੂ ਮੂਸੇਵਾਲਾ ਕਤਲ ਕੇਸ ਵਿੱਚ ਸ਼ਾਮਲ ਮੁਲਜ਼ਮਾਂ ਨੂੰ ਹਥਿਆਰ ਅਤੇ ਲੌਜਿਸਟਿਕਲ ਸਹਾਇਤਾ ਪ੍ਰਦਾਨ ਕੀਤੀ ਸੀ ਅਤੇ ਬਾਅਦ ਵਿੱਚ ਉਸਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਸੀ।

ਏਆਈਜੀ ਨੇ ਕਿਹਾ ਕਿ ਮਨਜੀਤ ਗੁਰੀ ਪਹਿਲਾਂ ਨਵੰਬਰ 2023 ਵਿੱਚ ਪੁਲਿਸ ਕਾਰਵਾਈ 'ਚ ਉਸ ਵੇਲੇ ਜ਼ਖਮੀ ਹੋ ਗਿਆ ਸੀ, ਜਦੋਂ ਉਸਨੂੰ ਗੋਲਡੀ ਬਰਾੜ ਨੇ ਜ਼ੀਰਕਪੁਰ ਵਿੱਚ ਕੁਝ ਕਾਰੋਬਾਰੀਆਂ ਦੇ ਕਤਲ ਨੂੰ ਅੰਜਾਮ ਦੇਣ ਦੇ ਨਿਰਦੇਸ਼ ਦਿੱਤੇ ਸਨ।

ਐਸਐਸਪੀ ਦੀਪਕ ਪਾਰੀਕ ਨੇ ਅੱਗੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਮੁਲਜ਼ਮ ਟ੍ਰਾਈਸਿਟੀ ਵਿੱਚ ਕੋਈ ਅਪਰਾਧ ਕਰਨ ਦੀ ਯੋਜਨਾ ਬਣਾ ਰਿਹਾ ਸੀ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ ਦੇ ਅਗਲੇ ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਜਾਰੀ ਹੈ।

ਇਸ ਸਬੰਧੀ ਐਸਏਐਸ ਨਗਰ ਦੇ ਡੇਰਾਬੱਸੀ ਪੁਲਿਸ ਸਟੇਸ਼ਨ ਵਿਖੇ ਭਾਰਤੀ ਨਿਆਂ ਸੰਹਿਤਾ (ਬੀਐਨਐਸ) ਦੀਆਂ ਧਾਰਾਵਾਂ 111, 109, 308(5), 32(ਬੀ), 333, ਅਤੇ 3(5) ਅਤੇ ਅਸਲਾ ਐਕਟ ਦੀਆਂ ਧਾਰਾਵਾਂ 25 ਅਤੇ 27 ਤਹਿਤ ਐਫਆਈਆਰ ਨੰਬਰ 292 ਮਿਤੀ 19.09.2024 ਪਹਿਲਾਂ ਹੀ ਦਰਜ ਹੈ।

# ਐੱਸ.ਐੱਸ.ਐੱਸ ਕਾਲਜ ਦੀਨਾਨਗਰ ਵਿਖੇ 15ਵਾਂ ਵੋਟਰ ਦਿਵਸ ਮਨਾਇਆ



ਦੀਨਾਨਗਰ ( ਡਾ ਰਮੇਸ਼ ਸਰੰਗਲ ) – ਸਾਡਾ ਦੇਸ਼ ਦੁਨੀਆਂ ਦਾ ਸਭ ਤੋਂ ਵੱਡਾ ਲੋਕਤਾਂਤਰਿਕ ਦੇਸ਼ ਹੈ ਅਤੇ ਲੋਕਤੰਤਰ ਦੀ ਮਜ਼ਬੂਤੀ ਵਾਸਤੇ ਹਰੇਕ ਵੋਟਰ ਨੂੰ ਆਪਣੀ ਬਣਾਉਣ ਦੇ ਨਾਲ ਆਪਣੀ ਵੋਟ ਦੇ ਹੱਕ ਦਾ ਸਹੀ ਇਸਤੇਮਾਲ ਕਰਨਾ ਜ਼ਰੂਰੀ ਹੈ। ਵੋਟ ਦਾ ਸਹੀ ਇਸਤੇਮਾਲ ਕਰਕੇ ਹੀ ਅਸੀਂ ਆਪਣੇ ਦੇਸ਼ ਅਤੇ ਸੂਬੇ ਦੀ ਮਜ਼ਬੂਤੀ ਅਤੇ ਤਰੱਕੀ ਵਿੱਚ ਆਪਣਾ ਯੋਗਦਾਨ ਪਾ ਸਕਦੇ ਹਾਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਸ੍ਰੀ ਉਮਾ ਸ਼ੰਕਰ ਗੁਪਤਾ ਨੇ ਅੱਜ ਐੱਸ.ਐੱਸ.ਐੱਸ ਕਾਲਜ ਦੀਨਾਨਗਰ ਵਿਖੇ 15ਵੇਂ ਕੌਮੀ ਵੋਟਰ ਦਿਵਸ ਮੌਕੇ ਕਰਵਾਏ ਗਏ ਜ਼ਿਲ੍ਹਾ ਪੱਧਰੀ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਪ੍ਰਤੀ ਜਾਗਰੂਕ ਕਰਨ ਵਾਸਤੇ ਨੈਸ਼ਨਲ ਵੋਟਰ ਦਿਵਸ ਮਨਾਇਆ ਜਾਂਦਾ ਹੈ ਤਾਂ ਜੋ 100 ਫ਼ੀਸਦੀ ਵੋਟਰਾਂ ਦੀ ਸ਼ਮੂਲੀਅਤ ਨਾਲ ਲੋਕਤੰਤਰ ਨੂੰ ਮਜ਼ਬੂਤ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਵੋਟ ਬਣਾਉਣਾ ਅਤੇ ਉਸ ਦਾ ਬਿਨਾਂ ਕਿਸੇ ਭੇਦ-ਭਾਵ ਤੋਂ ਇਸਤੇਮਾਲ ਕਰਨਾ ਹਰੇਕ ਨਾਗਰਿਕ ਦੀ ਸਮਾਜਿਕ ਜ਼ਿੰਮੇਵਾਰੀ ਹੈ ਜਿਸ ਨੂੰ ਨਿਭਾਉਣ ਤੋਂ ਕਦੇ ਵੀ ਪਿੱਛੇ ਨਹੀਂ ਹਟਣਾ ਚਾਹੀਦਾ। ਉਨ੍ਹਾਂ ਲੋਕਤੰਤਰੀ ਪਰੰਪਰਾਵਾਂ ਨੂੰ ਕਾਇਮ ਰੱਖਣ ਅਤੇ ਸਹੀ ਤੇ ਨਿਰਪੱਖ ਵੋਟ ਦਾ ਇਸਤੇਮਾਲ ਕਰਨ ਦਾ ਪ੍ਰਣ ਵੀ ਦਿਵਾਇਆ।

ਇਸ ਮੌਕੇ ਮੁੱਖ ਚੋਣ ਕਮਿਸ਼ਨਰ ਜੀ ਵੱਲੋਂ ਵੀਡੀਓ ਸੰਦੇਸ਼ ਰਾਹੀਂ ਲੋਕਤੰਤਰ ਨੂੰ ਮਜ਼ਬੂਤ ਬਣਾਉਣ ਲਈ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ।

ਇਸ ਤੋਂ ਪਹਿਲਾਂ ਐੱਸ.ਐੱਸ.ਐੱਸ. ਕਾਲਜ ਦੀਨਾਨਗਰ ਦੀ ਵਿਦਿਆਰਥਣ ਜਾਨਵੀ, ਸੁਬੀਜ਼ੀ, ਰਮਨਦੀਪ ਕੌਰ ਗਿੱਲ, ਸਰਦਾਰ ਬੇਅੰਤ ਸਿੰਘ ਸਟੇਟ ਯੂਨੀਵਰਸਿਟੀ ਦੀ ਵਿਦਿਆਰਥਣ ਸੋਨਾਲੀ, ਪਲਕ ਭਾਵਰਾ, ਨੰਦਨੀ, ਵਿਦਿਆਰਥੀ ਅਭਿਨੰਦਨ ਸ਼ਰਮਾ, ਕ੍ਰਿਸ਼ ਪੁਰੀ ਨੇ ਆਪਣੇ ਭਾਸ਼ਣ ਰਾਹੀਂ ਵੋਟ ਦੀ ਮਹੱਤਤਾ ਉੱਪਰ ਚਾਨਣਾ ਪਾਇਆ। ਲੈਕਚਰਾਰ ਗੁਰਮੀਤ ਸਿੰਘ ਭੋਮਾ ਅਤੇ ਜ਼ਿਲ੍ਹਾ ਭਾਸ਼ਾ ਅਫ਼ਸਰ ਪਰਮਜੀਤ ਸਿੰਘ ਨੇ ਵੋਟ ਦੀ ਮਹੱਤਤਾ ਬਾਰੇ ਨੌਜਵਾਨਾਂ ਨੂੰ ਦੱਸਿਆ। ਇਸ ਮੌਕੇ ਐੱਸ.ਐੱਸ.ਐੱਸ ਕਾਲਜ ਦੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।

ਰਾਸ਼ਟਰੀ ਵੋਟਰ ਦਿਵਸ ਦੌਰਾਨ ਐੱਸ.ਡੀ.ਐੱਸ. ਦੀਨਾਨਗਰ ਸ੍ਰੀ ਜਸਪਿੰਦਰ ਸਿੰਘ ਨੂੰ ਬੈੱਸਟ ਈ.ਆਰ.ਓ ਵਜੋਂ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਪਰਮਜੀਤ ਸਿੰਘ ਨੂੰ ਬੈੱਸਟ ਨੋਡਲ ਅਫ਼ਸਰ ਅਤੇ ਜਰਮਨ ਸਿੰਘ ਨੂੰ ਬੈੱਸਟ ਬੀ.ਐੱਲ.ਓ. ਵਜੋਂ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਤਹਿਸੀਲਦਾਰ ਚੋਣਾਂ ਸ. ਮਨਜਿੰਦਰ ਸਿੰਘ ਬਾਜਵਾ, ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਸ੍ਰੀ ਜਗਵਿੰਦਰ ਸਿੰਘ, ਸ੍ਰੀ ਆਰ.ਕੇ. ਤੁਲੀ ਪ੍ਰਿੰਸੀਪਲ ਐੱਸ.ਐੱਸ.ਐੱਸ. ਕਾਲਜ ਦੀਨਾਨਗਰ, ਪ੍ਰੋ. ਪ੍ਰਬੋਧ ਗਰੋਵਰ ਡੀਨ ਯੂਥ ਵੈੱਲਫੇਅਰ, ਪ੍ਰੋ ਸੋਨੂੰ, ਜ਼ਿਲ੍ਹਾ ਗਾਈਡੈਂਸ ਕਾਊਂਸਲਰ ਪਰਮਿੰਦਰ ਸਿੰਘ ਸੈਣੀ ਸਮੇਤ ਕਾਲਜ ਦਾ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ। ਇਸ ਦੌਰਾਨ 18-19 ਸਾਲ ਦੇ ਨਵੇਂ ਬਣੇ ਵੋਟਰਾਂ ਨੂੰ ਵੋਟਰ ਸ਼ਨਾਖ਼ਤੀ ਕਾਰਡ ਤਕਸੀਮ ਕੀਤੇ ਗਏ।

# ਐਨੀਮਲ ਵੈਲਫੇਅਰ ਫੋਰਟਨਾਇਟ ਤੇ ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ ਵਿਖੇ ਸੈਮੀਨਾਰ ਕਰਵਾਇਆ



ਖਰੜ, (ਕਾਲਾ ਸੰਘ ਸੈਣੀ)- ਚੰਡੀਗੜ੍ਹ ਯੂਨੀਵਰਸਿਟੀ ਘੜੂੰਆਂ ਵਿਖੇ ਡਾਇਰੈਕਟਰ ਪਸ਼ੂ ਪਾਲਣ ਵਿਭਾਗ, ਪੰਜਾਬ ਦੀ ਅਗਵਾਈ ਵਿੱਚ ਐਨੀਮਲ ਵੈਲਫੇਅਰ ਫੋਰਟਨਾਇਟ ਤੇ ਸੈਮੀਨਾਰ ਕੀਤਾ ਗਿਆ। ਇਸ ਸੈਮੀਨਾਰ ਵਿੱਚ ਡਾ. ਗੁਰਸ਼ਰਨਜੀਤ ਸਿੰਘ ਬੇਦੀ, ਡਾਇਰੈਕਟਰ, ਪਸ਼ੂ ਪਾਲਣ ਵਿਭਾਗ, ਪੰਜਾਬ ਵੱਲੋਂ ਰੌਲ ਆਫ ਯੂਥ ਇੰਨ ਐਨੀਮਲ ਵੈਲਫੇਅਰ ਤੇ ਲੈਕਚਰ ਦਿੱਤਾ ਗਿਆ ਅਤੇ ਡਾ. ਐਸ.ਕੇ. ਗੁਪਤਾ ਡਿਪਟੀ ਡਾਇਰੈਕਟਰ ਐਸ.ਏ.ਐਸ. ਨਗਰ ਵੱਲੋਂ ਰੋਲ ਆਫ ਐਨੀਮਲ ਹੈਲਥ ਇਨ ਵਨ ਹੈਲਥ ਤੇ ਲੈਕਚਰ ਦਿੱਤਾ ਗਿਆ। ਸੈਮੀਨਾਰ ਚ ਲੱਗਭੱਗ 500 ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਦੌਰਾਨ ਡਾ. ਓ.ਪੀ. ਮਿੱਡਾ, ਡਾਇਰੈਕਟਰ, ਯੂ.ਆਈ.ਐਲ. ਐਸ. ਤੇ ਡਾ. ਆਸ਼ੂਤੋਸ਼ ਕੁਮਾਰ ਨੇ ਯੂਨੀਵਰਸਿਟੀ ਵੱਲੋਂ ਵੋਟ ਆਫ ਥੈਂਕਸ਼ ਕੀਤਾ ਗਿਆ। ਸੈਮੀਨਾਰ ਦੌਰਾਨ ਡਾ. ਮੰਕੇਸ਼ ਮਿਸ਼ਰਾ, ਵੈਟਨਰੀ ਅਫਸਰ, ਡਾ. ਸਤਨਾਮ ਸਿੰਘ, ਸੀਨੀਅਰ ਵੈਟਨਰੀ ਅਫਸਰ ਖਰੜ, ਡਾ. ਲਖਣ ਸੱਚਦੇਵਾ, ਵੈਟਨਰੀ ਅਫਸਰ, ਕੁੰਬੜਾ, ਡਾ. ਵਿਕਾਸ ਗੋਤਮ, ਵੈਟਨਰੀ ਅਫਸਰ ਘੜੂੰਆਂ ਅਤੇ ਅਜੈ ਕੁਮਾਰ ਵੀ.ਆਈ. ਅਤੇ ਜਸਕਰਨ ਸਿੰਘ ਐਸ.ਵੀ.ਆਈ. ਖਰੜ ਸ਼ਾਮਲ ਸਨ।

# 26 ਜਨਵਰੀ ਨੂੰ ਸੰਵਿਧਾਨ ਦਿਵਸ ਤੇ ਬਸਪਾ ਵੱਖ-ਵੱਖ ਪਿੰਡਾਂ ਅਤੇ ਸ਼ਹਿਰ ਦੇ ਮੁਹੱਲਿਆਂ ਵਿੱਚ ਕਰੇਗੀ ਵਿਚਾਰ ਚਰਚਾ ਸਮਾਗਮ-ਆਗੂ



ਫਗਵਾੜਾ (ਸੁਸ਼ੀਲ ਸ਼ਰਮਾ) ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਫਗਵਾੜਾ ਦੀ ਵਿਸ਼ੇਸ਼ ਮੀਟਿੰਗ ਰੈਸਟ ਹਾਊਸ ਫਗਵਾੜਾ ਵਿਖੇ ਹਲਕਾ ਪ੍ਰਧਾਨ ਸ਼੍ਰੀ ਚਰੰਜੀ ਲਾਲ ਜੀ ਦੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਦੌਰਾਨ ਬਸਪਾ ਦੇ ਸੂਬਾ ਪ੍ਰਧਾਨ ਐਡਵੋਕੇਟ ਅਵਤਾਰ ਸਿੰਘ ਕਰੀਮਪੁਰੀ ਦੀਆਂ ਹਦਾਇਤਾਂ ਤੇ 26 ਜਨਵਰੀ ਨੂੰ ਸੰਵਿਧਾਨ ਦਿਵਸ ਤੇ ਵਿਧਾਨ ਸਭਾ ਹਲਕਾ ਫਗਵਾੜਾ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰ ਦੇ ਮੁਹੱਲਿਆਂ ਵਿੱਚ ਬਾਬਾ ਸਾਹਿਬ ਡਾ.ਬੀ.ਆਰ.ਅੰਬੇਡਕਰ ਜੀ ਦੇ ਦੇਸ਼ ਦੇ ਨਿਰਮਾਣ ਚ ਸਰਵਪੱਖੀ ਯੋਗਦਾਨ ਅਤੇ ਸੱਤਾਧਾਰੀ ਪਾਰਟੀਆਂ ਦੀ ਲੋਕਾਂ ਦੇ ਖਿਲਾਫ਼ ਵਿਨਾਸ਼ਕਾਰੀ ਭੂਮਿਕਾ ਤੇ ਵਿਚਾਰ ਚਰਚਾ ਸਮਾਗਮ ਕਰਵਾਏ ਜਾਣਗੇ।ਮੀਟਿੰਗ ਦੌਰਾਨ ਫੈਸਲਾ ਕੀਤਾ ਕਿ ਵਿਧਾਨ ਸਭਾ ਅੰਦਰ ਘੱਟੋ-ਘੱਟ 25 ਥਾਂਵਾਂ ਤੇ ਅਜੇਹੇ ਸਮਾਗਮ ਕਰਵਾਏ ਜਾਣਗੇ। ਅਤੇ ਬਹੁਜਨ ਸਮਾਜ ਨੂੰ ਬਾਬਾ ਸਾਹਿਬ ਜੀ ਵਲੋਂ ਦਿੱਤੇ ਸੰਵਿਧਾਨ ਦੇ ਮਹੱਤਵ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਕਾਂਗਰਸ, ਭਾਜਪਾ ਅਤੇ ਆਪ ਵਲੋਂ ਸੰਵਿਧਾਨ ਨਾਲ ਛੇੜਛਾੜ ਕਰਨ ਅਤੇ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਵਲੋਂ ਬਾਬਾ ਸਾਹਿਬ ਨੂੰ ਭੱਦੀ ਸ਼ਬਦਾਬਲੀ ਨਾਲ ਅਪਮਾਨਿਤ ਕਰਨ ਦੇ ਮੁੱਦਿਆਂ ਤੇ ਵੀ ਚਾਨਣਾ ਪਾਇਆ ਜਾਵੇਗਾ। ਇੰਨਾ ਸਮਾਗਮਾਂ ਨੂੰ ਕਾਮਯਾਬ ਕਰਨ ਲਈ ਬਸਪਾ ਆਗੂਆਂ ਅਤੇ ਕੌਂਸਲਰਾਂ ਦੀ ਵੱਖ-ਵੱਖ ਮੁਹੱਲਿਆਂ ਅਤੇ ਪਿੰਡ ਚ ਸਮਾਗਮ ਕਰਨ ਲਈ ਡਿਊਟੀ ਲਗਾਈ ਗਈ। ਬਸਪਾ ਆਗੂਆਂ ਤੇ ਵਰਕਰਾਂ ਨੂੰ ਅਪੀਲ ਕੀਤੀ ਇੰਨਾ ਸਮਾਗਮਾਂ ਨੂੰ ਕਾਮਯਾਬ ਕਰਨ ਲਈ ਆਪਣਾ ਵਡਮੁੱਲਾ ਸਹਿਯੋਗ ਦੇਣ। ਮੀਟਿੰਗ ਵਿੱਚ ਬਸਪਾ ਦੇ ਸੂਬਾ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਲੇਖ ਰਾਜ ਜਮਾਲਪੁਰ,ਮਨੋਹਰ ਜੱਖੂ,ਹਲਕਾ ਪ੍ਰਧਾਨ ਤੇ ਕੌਂਸਲਰ ਚੁਰੰਜੀ ਲਾਲ ਕਾਲਾ,ਐਡਵੋਕੇਟ ਕੁਲਦੀਪ ਭੱਟੀ, ਸੀਨੀਅਰ ਆਗੂ ਰਮੇਸ਼ ਕੌਲ,ਹਰਭਜਨ ਖਲਵਾੜਾ,ਅਮਰਜੀਤ ਖੁੱਤਣ,ਰਾਮ ਮੂਰਤੀ ਖੇੜਾ, ਸੁਰਜੀਤ ਸਿੰਘ ਰਿਹਾਣਾ ਜੱਟਾਂ,ਕੌਂਸਲਰ ਤੇਜਪਾਲ ਬਸਰਾ, ਕੌਂਸਲਰ ਮਿਸਿਜ ਅਮਨਦੀਪ, ਸੁਖਵਿੰਦਰ, ਸੰਤੋਖ ਲਾਲ ਢੱਡਾ, ਅਰੁਨ ਸੁਮਨ,ਅਸ਼ੋਕ ਰਾਮਪੁਰ,ਗੁਰਮੀਤ ਸੁਨੜਾ,ਧੀਰਜ ਬਸਰਾ,ਮੇਜਰ, ਬੰਟੀ ਮੋਰਾਂਵਾਲੀਆ,ਮੁਖਤਿਆਰ ਮਹਿਮੀ ਅਤੇ ਅਸ਼ੋਕ ਮਸਤਨਗਰ ਆਦਿ ਹਾਜ਼ਰ ਸਨ।

# ਸਰਕਾਰੀ ਕੰਨਿਆ ਸਕੂਲ ਘੜੂੰਆਂ ਵਿੱਚ ਵੋਟਰ ਦਿਵਸ ਮਨਾਇਆ



ਖਰੜ, (ਕਾਲਾ ਸੰਘ ਸੈਣੀ )- ਸੀਨੀਅਰ ਸੈਕੰਡਰੀ ਸਮਾਰਟ ਸਕੂਲ ਘੜੂੰਆਂ ਵਖੇ ਗਾਈਡੈਂਸ ਅਤੇ ਕੌਂਸਲਿੰਗ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਰਾਸ਼ਟਰੀ ਵੋਟਰ ਦਿਵਸ ਅਤੇ ਗਣਤੰਤਰ ਦੇ ਵਿੱਚ ਮਨਾਇਆ ਗਿਆ। ਇਸ ਮੌਕੇ ਗਾਈਡੈਂਸ ਇੰਚਾਰਜ ਅੰਜੂ ਰਾਣੀ ਨੇ ਦੱਸਿਆ ਕਿ 11ਵੀਂ ਜਮਾਤ ਦੀ ਵਿਦਿਆਰਥਣ ਅਮਨਜੀਤ ਕੌਰ ਨੇ ਵੋਟ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਹੋਰਨਾਂ ਵਿਦਿਆਰਥੀਆਂ ਵੱਲੋਂ ਵੀ ਵੋਟ ਦੇ ਸਹੀ ਇਸਤੇਮਾਲ ਤੇ ਆਪਣੇ ਵਿਚਾਰ ਪ੍ਰਗਟ ਕੀਤੇ ਗਏ। ਇਸ ਮੌਕੇ ਇਕਨੋਮਿਕਸ ਲੈਕਚਰਾਰ ਦਵਿੰਦਰ ਕੌਰ ਨੇ ਯੋਗ ਵਿਦਿਆਰਥੀਆਂ ਨੂੰ ਵੋਟ ਬਣਾਉਣ ਲਈ ਪ੍ਰੇਰਿਤ ਕੀਤਾ ਅਤੇ ਪੋਲੀਟੀਕਲ ਸਾਇੰਸ ਲੈਕਚਰਾਰ ਰਾਂਝੂ ਰਾਣੀ ਨੇ ਦੇਸ਼ ਭਗਤਾਂ ਦੇ ਅਧਾਰਿਤ ਆਪਣੀ ਸਵਰਚਿਤ ਕਵਿਤਾ ਵੀ ਸੁਣਾਈ ਇਸ ਮੌਕੇ ਸਕੂਲ ਦੇ ਸਮੂਹ ਸਟਾਫ ਮੈਂਬਰ ਦੇ ਵਿਦਿਆਰਥੀ ਹਾਜ਼ਰ ਸਨ।

# ਡਿਵਾਈਨ ਪਬਲਿਕ ਸਕੂਲ ਫਗਵਾੜਾ ਵਿਖੇ ਉਤਸ਼ਾਹ ਨਾਲ ਮਨਾਇਆ 76ਵਾਂ ਗਣਤੰਤਰ ਦਿਵਸ





ਫਗਵਾੜਾ ( ਸੁਸ਼ੀਲ ਸ਼ਰਮਾ ) ਡਿਵਾਈਨ ਪਬਲਿਕ ਸਕੂਲ ਫਗਵਾੜਾ ਵਿਖੇ ਦੇਸ਼ ਦਾ 76ਵਾਂ ਗਣਤੰਤਰ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ। ਸਕੂਲ ਪ੍ਰਿੰਸੀਪਲ ਰੇਨੂੰ ਠਾਕੁਰ ਦੀ ਅਗਵਾਈ ਹੇਠ ਆਯੋਜਿਤ ਸਮਾਗਮ ਦੌਰਾਨ ਬਤੌਰ ਮੁੱਖ ਮਹਿਮਾਨ ਸਕੂਲ ਦੇ ਚੇਅਰਮੈਨ ਸ੍ਰੀ ਪੰਕਜ ਕਪੂਰ ਸ਼ਾਮਲ ਹੋਏ। ਉਹਨਾਂ ਝੰਡਾ ਲਹਿਰਾਉਣ ਦੀ ਰਸਮ ਨਿਭਾਈ। ਉਪਰੰਤ ਵਿਦਿਆਰਥੀਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕਰਦਿਆਂ ਦੇਸ਼ ਭਗਤੀ ਦੇ ਗੀਤ ਗਾਏ, ਕਵਿਤਾਵਾਂ ਪੜ੍ਹੀਆਂ ਤੇ ਡਾਂਸ ਦੀਆਂ ਖੂਬਸੂਰਤ ਪੇਸ਼ਕਾਰੀਆਂ ਦਿੱਤੀਆਂ। ਪ੍ਰਿੰਸੀਪਲ ਰੇਨੂੰ ਠਾਕੁਰ ਨੇ ਬੱਚਿਆਂ ਨੂੰ ਗਣਤੰਤਰ ਦਿਵਸ ਦਾ ਮਹੱਤਵ ਦੱਸਿਆ ਅਤੇ ਕਿਹਾ ਕਿ 26 ਜਨਵਰੀ 1950 ਨੂੰ ਭਾਰਤ ਦਾ ਆਪਣਾ ਸੰਵਿਧਾਨ ਲਾਗੂ ਹੋਣ ਨਾਲ ਦੇਸ਼ ਨੂੰ ਗਣਰਾਜ ਹੋਣ ਦਾ ਮਾਣ ਪ੍ਰਾਪਤ ਹੋਇਆ ਸੀ ਕਿਉਂਕਿ ਬੇਸ਼ਕ ਭਾਰਤ 15 ਅਗਸਤ 1947 ਨੂੰ ਆਜਾਦ ਹੋ ਗਿਆ ਸੀ ਪਰ ਦੇਸ਼ ਦਾ ਆਪਣਾ ਸੰਵਿਧਾਨ ਨਾ ਹੋਣ ਕਰਕੇ ਦੇਸ਼ ਇੰਗਲੈਂਡ ਦੇ ਸੰਵਿਧਾਨ 'ਤੇ ਹੀ ਨਿਰਭਰ ਸੀ। ਉਹਨਾਂ ਕਿਹਾ ਕਿ ਸਾਨੂੰ ਸੰਵਿਧਾਨ ਵਿਚ ਦਰਜ ਫਰਜ਼ਾਂ ਤੇ ਅਧਿਕਾਰਾਂ ਨੂੰ ਕਦੇ ਨਹੀਂ ਭੁੱਲਣਾ ਚਾਹੀਦਾ। ਸਕੂਲ ਚੇਅਰਮੈਨ ਪੰਕਜ ਕਪੂਰ ਨੇ ਦੇਸ਼ ਦੀ ਆਜਾਦੀ ਲਈ ਜਿੰਦਗੀਆਂ ਵਾਰਨ ਵਾਲੇ ਮਹਾਨ ਸ਼ਹੀਦਾਂ ਨੂੰ ਯਾਦ ਕੀਤਾ ਅਤੇ ਵਿਦਿਆਰਥੀਆਂ ਨੂੰ ਪੜ੍ਹ-ਲਿਖ ਕੇ ਚੰਗੇ ਨਾਗਰਿਕ ਬਣਨ ਅਤੇ ਦੇਸ਼ ਦੀ ਤਰੱਕੀ ਵਿਚ ਯੋਗਦਾਨ ਪਾਉਣ ਲਈ ਪ੍ਰੇਰਿਆ। ਸਮਾਗਮ ਦਾ ਅੰਤ ਰਾਸ਼ਟਰ ਗਾਨ ਦੇ ਨਾਲ ਕੀਤਾ ਗਿਆ। ਇਸ ਮੌਕੇ ਸਕੂਲ ਸਟਾਫ ਅਤੇ ਵਿਦਿਆਰਥੀ ਹਾਜਰ ਸਨ।

# ਸਮੂਹ ਗੁਰਦੁਆਰਾ ਤਾਲਮੇਲ ਕਮੇਟੀ ਖਰੜ ਵਲੋਂ 'ਸ਼ੁਕਰਨਾ ਸਮਾਗਮ' ਕਰਵਾਇਆ



ਖਰੜ, ( ਕਾਲਾ ਸਿੰਘ ਸੈਣੀ )- ਸਮੂਹ ਗੁਰਦੁਆਰਾ ਤਾਲਮੇਲ ਕਮੇਟੀ ਖਰੜ ਵਲੋਂ ਧੰਨ-ਧੰਨ ਮਾਤਾ ਗੁਜ਼ਰ ਕੌਰ ਅਤੇ ਚਾਰ ਸਾਹਿਬਜ਼ਾਦੇ ਅਤੇ ਸਮੂਹ ਸ਼ਹੀਦ ਸਿੰਘਾਂ ਦੀਆਂ

ਸ਼ਹਾਦਤਾਂ ਨੂੰ ਸਮਰਪਿਤ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਹਰਿਰਾਏ ਸਾਹਿਬ ਜੀ ਵਲੋਂ 'ਸ਼ੁਕਰਾਨਾ ਸਮਾਗਮ' ਕਰਵਾਇਆ ਗਿਆ। ਇਸ ਸਮਾਗਮ ਵਿਚ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੇਵਾਦਾਰਾਂ ਵਲੋਂ ਸ਼ਮੂਲੀਅਤ ਕੀਤੀ। ਸਮਾਗਮ ਵਿਚ ਗਿਆਨੀ ਗੁਰਵਿੰਦਰ ਸਿੰਘ ਜੀ ਅਜਨਾਲਾ, ਭਾਈ ਵਰਿੰਦਰ ਸਿੰਘ ਜੀ ਵਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਤਾਲਮੇਲ ਕਮੇਟੀ ਦੇ ਮੁੱਖ ਸੇਵਾਦਾਰ ਭਾਈ ਹਰਨੇਕ ਸਿੰਘ ਤੇ ਭਾਈ ਦਵਿੰਦਰ ਸਿੰਘ ਖਾਲਸਾ ਨੇ ਦਸਿਆ ਕਿ ਇਸ ਸਮਾਗਮ ਵਿਚ ਸੰਗਤਾਂ ਨੇ ਸ਼ਮੂਲੀਅਤ ਕੀਤੀ ਅਤੇ ਖਰੜ ਦੇ ਸਾਰੇ ਗੁਰਦੁਆਰਾ ਪ੍ਰਬੰਧਕਾਂ ਕਮੇਟੀਆਂ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਸਮਾਗਮ ਵਿਚ ਜਸਮੇਰ ਸਿੰਘ, ਆਤਮਾ ਸਿੰਘ, ਭਗਤ ਸਿੰਘ, ਦਵਿੰਦਰ ਸਿੰਘ ਬਰਮੀ, ਮਹਾਂ ਸਿੰਘ, ਜਸਵੀਰ ਸਿੰਘ, ਹਰਵਿੰਦਰ ਸਿੰਘ, ਹਰਿੰਦਰਪਾਲ ਸਿੰਘ, ਹਰਨੇਕ ਸਿੰਘ, ਰਜਿੰਦਰ ਸਿੰਘ, ਪ੍ਰੇਮ ਸਿੰਘ ਮਲੋਆ, ਗੁਰਮਿੰਦਰ ਸਿੰਘ, ਹਰਚਰਨ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

# ਹਿਊਮਨ ਰਾਈਟਸ ਕੌਂਸਲ ਨੇ ਗੁਰਦੀਪ ਸਿੰਘ ਕੰਗ ਦੀ ਅਗਵਾਈ 'ਚ ਕੰਬਲ ਵੰਡ ਕੇ ਮਨਾਇਆ ਗਣਤੰਤਰ ਦਿਵਸ





ਫਗਵਾੜਾ ( ਸੁਸ਼ੀਲ ਸ਼ਰਮਾ ) ਮਨੁੱਖੀ ਅਧਿਕਾਰ ਕੌਂਸਲ (ਭਾਰਤ) ਦੀ ਫਗਵਾੜਾ ਇਕਾਈ ਵੱਲੋਂ ਦੇਸ਼ ਦੇ 76ਵੇਂ ਗਣਤੰਤਰ ਦਿਵਸ ਮੌਕੇ ਕੌਂਸਲ ਪ੍ਰਧਾਨ ਗੁਰਦੀਪ ਸਿੰਘ ਕੰਗ ਦੀ ਅਗਵਾਈ ਹੇਠ ਸਥਾਨਕ ਸਿਵਲ ਹਸਪਤਾਲ ਵਿੱਚ ਇਲਾਜ ਅਧੀਨ ਮਰੀਜ਼ਾਂ ਨੂੰ ਗਰਮ ਕੰਬਲ ਵੰਡੇ ਗਏ। ਜਿਸ ਦੀ ਆਰੰਭਤਾ ਮੁੱਖ ਮਹਿਮਾਨ ਵਜੋਂ ਪਹੁੰਚੇ ਐੱਸ.ਪੀ. ਰੁਪਿੰਦਰ ਕੌਰ ਭੱਟੀ ਨੇ ਕਰਵਾਈ। ਉਨ੍ਹਾਂ ਨੇ ਗੁਰਦੀਪ ਸਿੰਘ ਕੰਗ ਅਤੇ ਉਨ੍ਹਾਂ ਦੀ ਟੀਮ ਦੇ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਸਰਦੀ ਦੇ ਮੌਸਮ ਵਿੱਚ ਸਰਕਾਰੀ ਹਸਪਤਾਲਾਂ ਵਿੱਚ ਇਲਾਜ ਅਧੀਨ ਮਰੀਜ਼ਾਂ ਲਈ ਵੱਡੀ ਰਾਹਤ ਪ੍ਰਦਾਨ ਕਰਦੇ ਹਨ। ਪ੍ਰਧਾਨ ਗੁਰਦੀਪ ਸਿੰਘ ਕੰਗ ਨੇ ਦੱਸਿਆ ਕਿ ਹਸਪਤਾਲ ਨੂੰ ਕੁੱਲ 60 ਕੰਬਲ ਦਿੱਤੇ ਗਏ ਹਨ। ਜਿਸ ਵਿੱਚ ਇਲਾਜ ਅਧੀਨ ਮਰੀਜ਼ਾਂ ਤੋਂ ਇਲਾਵਾ ਸੜਕ ਹਾਦਸਿਆਂ ਵਰਗੀਆਂ ਐਮਰਜੈਂਸੀ ਸਥਿਤੀਆਂ ਵਿੱਚ ਹਸਪਤਾਲ ਵਿੱਚ ਇਲਾਜ ਲਈ ਆਉਣ ਵਾਲੇ ਮਰੀਜ਼ਾਂ ਦੀ ਸਹੂਲਤ ਲਈ ਹਸਪਤਾਲ ਪ੍ਰਸ਼ਾਸਨ ਨੂੰ ਭੇਂਟ ਕੀਤੇ ਗਏ ਕੰਬਲ ਵੀ ਸ਼ਾਮਲ ਹਨ। ਇਸ ਦੌਰਾਨ ਐਸ.ਐਮ.ਓ ਡਾ: ਪਰਮਿੰਦਰ ਕੌਰ ਨੇ ਸਾਰਿਆਂ ਨੂੰ ਗਣਤੰਤਰ ਦਿਵਸ ਦੀਆਂ ਵਧਾਈਆਂ ਦਿੱਤੀਆਂ ਅਤੇ ਹਿਊਮਨ ਰਾਈਟਸ ਕੌਂਸਲ ਦੇ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹਸਪਤਾਲ ਵਿੱਚ ਮਰੀਜ਼ਾਂ ਨੂੰ ਸਾਰੀਆਂ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਹਨ। ਉਨ੍ਹਾਂ ਇਲਾਕੇ ਦੀਆਂ ਹੋਰ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਸੱਦਾ ਦਿੱਤਾ ਕਿ ਉਹ ਸਰਕਾਰੀ ਹਸਪਤਾਲ ਵਿੱਚ ਇਲਾਜ ਅਧੀਨ ਮਰੀਜ਼ਾਂ ਦੀ ਹਰ ਸੰਭਵ ਮਦਦ ਕਰਨ। ਇਸ ਮੌਕੇ ਮਨੁੱਖੀ ਅਧਿਕਾਰ ਕੌਂਸਲ ਓ.ਬੀ.ਸੀ. ਸੈਲ ਪੰਜਾਬ ਦੇ ਪ੍ਰਧਾਨ ਅਮਰਜੀਤ ਨਿੱਝਰ, ਫਗਵਾੜਾ ਇਕਾਈ ਦੇ ਉਪ ਪ੍ਰਧਾਨ ਸਤਵਿੰਦਰ ਸਿੰਘ ਭਮਰਾ ਅਤੇ ਬੱਬੂ ਮਨੀਲਾ ਤੋਂ ਇਲਾਵਾ ਸਕੱਤਰ ਸੁਖਬੀਰ ਸਿੰਘ ਕਿੰਨੜਾ, ਮਨੀਸ਼ ਕਨੌਜੀਆ, ਰਣਧੀਰ ਕਰਵਲ, ਪੰਕਜ ਚੱਢਾ, ਸੰਜੀਵ ਲਾਂਬਾ, ਵਿੱਕੀ ਚੁੰਬਰ, ਲਾਇਨ ਅਜੈ ਕੁਮਾਰ, ਲਾਇਨ ਸ਼ਸ਼ੀ ਕਾਲੀਆ, ਸ਼ਿਵ ਸ਼ਕਤੀ ਮਾਤਾ ਮੰਦਰ ਜੋਸ਼ੀਆਂ ਮੁਹੱਲਾ ਮੰਦਰ ਕਮੇਟੀ ਦੇ ਪ੍ਰਧਾਨ ਚੰਚਲ ਸੇਠ, ਸਮਾਜ ਸੇਵੀ ਐਸ.ਪੀ. ਬਸਰਾ, ਸਮਾਜ ਸੇਵੀ ਧਰਮਪਾਲ ਨਿਸ਼ਚਲ, ਸੇਵਾਮੁਕਤ ਡੀ.ਐਸ.ਪੀ. ਜਸਵੀਰ ਸਿੰਘ, ਵਿੱਕੀ ਢੀਂਗਰਾ ਸਮੇਤ ਹਸਪਤਾਲ ਦੇ ਸਟਾਫ਼ ਮੈਂਬਰ ਹਾਜ਼ਰ ਸਨ।

# ਧੰਨ-ਧੰਨ ਬਾਬਾ ਦੀਪ ਸਿੰਘ ਜੀ ਦੇ ਪ੍ਰਕਾਸ਼ ਦਿਹਾੜਾ 27 ਨੂੰ ਮਨਾਇਆ ਜਾਵੇਗਾ

ਖਰੜ, ( ਕਾਲਾ ਸਿੰਘ ਸੈਣੀ )- ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ ਪ੍ਰਕਾਸ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਲਾਂਡਰਾਂ ਰੋਡ ਖਰੜ ਵਿਖੇ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਵਿਖੇ ਅੱਜ ਤੋਂ ਸਮਾਗਮ ਸ਼ੁਰੂ ਹੋ ਗਏ ਹਨ ਅਤੇ ਅੱਜ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ। ਗੁਰਦੁਆਰਾ ਕਮੇਟੀ ਦੇ ਮੁੱਖ ਸੇਵਾਦਾਰ ਹਰਨੇਕ ਸਿੰਘ ਦੇਵਪੁਰੀ ਨੇ ਦਸਿਆ ਕਿ 27 ਜਨਵਰੀ ਨੂੰ ਸਵੇਰੇ 10 ਵਜੇ ਭੋਗ ਪੈਣਗੇ ਅਤੇ ਉਸ ਉਪਰੰਤ ਭਾਈ ਹਰਵਿੰਦਰ ਸਿੰਘ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਭਾਈ ਦਿਲਬਾਗ ਸਿੰਘ ਕਥਾਵਿਚਾਰਾਂ ਰਾਹੀਂ ਹਾਜ਼ਰੀ ਲਗਵਾਉਣਗੇ ਅਤੇ ਭਾਈ ਚਰਨਜੀਤ ਸਿੰਘ ਰਸਨਹੇੜੀ ਵਾਲਿਆਂ ਦਾ ਢਾਡੀ ਜਥਾ ਵਾਰਾਂ ਰਾਹੀ ਨਿਹਾਲ ਕਰਨਗੇ। ਸਮਾਗਮ ਦੀ ਸਮਾਪਤੀ ਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਗੁਰਦੁਆਰਾ ਚੌਂਤਾ ਸਾਹਿਬ ਪਿੰਡ ਬਬੇਲੀ ਵਿਖੇ ਮਹਾਨ ਕੀਰਤਨ ਦਰਬਾਰ 29 ਤੋਂ 31 ਤੱਕ

ਫਗਵਾੜਾ ( ਸੁਸ਼ੀਲ ਸ਼ਰਮਾ ) ਇਤਿਹਾਸਕ ਗੁਰਦੁਆਰਾ ਚੌਂਤਾ ਸਾਹਿਬ ਪਿੰਡ ਬਬੇਲੀ ਵਿਖੇ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦਾ ਆਗਮਨ ਗੁਰਪੁਰਬ 29 ਤੋਂ 31 ਜਨਵਰੀ ਤੱਕ ਹਰ ਸਾਲ ਦੀ ਤਰ੍ਹਾਂ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੀ ਕਮੇਟੀ ਪ੍ਰਧਾਨ ਬਲਦੇਵ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਚੌਂਤਾ ਸਾਹਿਬ ਬਥੇਲੀ ਸਤਵੇਂ ਪਾਤਸ਼ਾਹ ਦੀ ਚਰਨ ਛੋਹ ਪ੍ਰਾਪਤ ਧਰਤੀ ਹੈ। ਇੱਥੇ ਗੁਰੂ ਜੀ ਨੇ 2200 ਘੋੜ ਸਵਾਰਾਂ ਨਾਲ 90 ਦਿਨ ਭਗਤੀ ਕਰਕੇ ਇਸ ਪਵਿੱਤਰ ਧਰਤੀ ਨੂੰ ਭਾਗ ਲਾਏ ਸਨ। ਇਸ ਪਵਿੱਤਰ ਅਸਥਾਨ ਤੇ ਜੋ ਵੀ ਮਾਈ-ਭਾਈ ਸੁਖਣਾ ਸੁਖਦੇ ਹਨ ਉਨ੍ਹਾਂ ਦੀ ਸੁਖਣਾ ਗੁਰੂ ਜੀ ਪੂਰੀਆਂ ਕਰਦੇ ਹਨ। ਇਸ ਪਵਿੱਤਰ ਧਰਤੀ ਤੇ ਕਰਮ ਸਿੰਘ ਬੱਬਰ ਨੇ ਆਪਣੇ ਸਾਥੀਆਂ ਸਮੇਤ ਸ਼ਹੀਦੀਆਂ ਪ੍ਰਾਪਤ ਕੀਤੀਆਂ ਹਨ। ਉਹਨਾਂ ਦੱਸਿਆ ਕਿ ਸਮਾਗਮ ਦੇ ਪਹਿਲੇ ਦਿਨ 29 ਜਨਵਰੀ ਬੁੱਧਵਾਰ ਨੂੰ ਸਵੇਰੇ ਸ਼੍ਰੀ ਅਖੰਡ ਪਾਠ ਸਾਹਿਰ ਆਰੰਭ ਹੋਣਗੇ। ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ। ਜੋ ਕਿ ਗੁਰਦੁਆਰਾ ਚੌਂਤਾ ਸਾਹਿਬ ਤੋਂ ਅਰੰਭ ਹੋ ਕੇ ਪਿੰਡ ਦੁੱਗਾਂ ਬਬੇਲੀ ਦੀ ਪ੍ਰੀਕਰਮਾ ਕਰਦਾ ਹੋਇਆ ਵਾਪਸ ਗੁਰਦੁਆਰਾ ਚੌਂਤਾ ਸਾਹਿਬ ਵਿਖੇ ਸਮਾਪਤ ਹੋਵੇਗਾ। ਉਹਨਾਂ ਦੱਸਿਆ ਕਿ ਸਮਾਗਮ ਦੇ ਆਖਰੀ ਦਿਨ 31 ਜਨਵਰੀ ਸ਼ੁੱਕਰਵਾਰ ਸਵੇਰੇ ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਮਹਾਨ ਕੀਰਤਨ ਦਰਬਾਰ ਸਜਾਇਆ ਜਾਵੇਗਾ। ਜਿਸ ਵਿਚ ਪੰਥ ਪ੍ਰਸਿੱਧ ਢਾਡੀ ਜੱਥੇ ਗੁਰੂ ਇਤਿਹਾਸ ਨਾਲ ਜੋੜਨਗੇ। ਉਹਨਾਂ ਦੱਸਿਆ ਕਿ ਤੀਸਰੇ ਦਿਨ ਹਰ ਸਾਲ ਦੀ ਤਰ੍ਹਾਂ ਦੁਪਿਹਰ

## ਪਹਿਲੇ ਦਿਨ ਸਜਾਇਆ ਜਾਵੇਗਾ ਗੁਰਪੁਰਬ ਨੂੰ ਸਮਰਪਿਤ ਨਗਰ ਕੀਰਤਨ

2 ਵਜੇ ਹਲਟਾਂ ਦੀਆਂ ਦੌੜਾ ਕਰਵਾਈਆਂ ਜਾਣਗੀਆਂ। ਇਸ ਦੌਰਾਨ ਚਾਹ ਪਕੌੜੇ ਅਤੇ ਗੁਰੂ ਕਾ ਲੰਗਰ ਤਿੰਨੇ ਦਿਨ ਅਤੁੱਟ ਵਰਤਾਇਆ ਜਾਵੇਗਾ। ਗੁਰਪੁਰਬ ਸਬੰਧੀ ਪ੍ਰਭਾਤ ਫੇਰੀਆਂ ਲਗਾਤਾਰ ਜਾਰੀ ਹਨ। ਉਹਨਾਂ ਸਮੂਹ ਸੰਗਤਾਂ ਨੂੰ ਪੁਰਜੋਰ ਅਪੀਲ ਕੀਤੀ ਕਿ ਇਸ ਧਾਰਮਿਕ ਸਮਾਗਮ ਵਿਚ ਸ਼ਾਮਲ ਹੋ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰਨ। ਇਸ ਮੌਕੇ ਰਜਿੰਦਰ ਸਿੰਘ ਮੀਤ ਪ੍ਰਧਾਨ, ਕੁੰਦਨ ਸਿੰਘ, ਰਣਜੀਤ ਸਿੰਘ ਖਾਲਸਾ, ਜਸਵਿੰਦਰ ਸਿੰਘ, ਬੀਬੀ ਸਰਬਜੀਤ ਕੌਰ, ਬੀਬੀ ਰਾਜਵਿੰਦਰ ਕੌਰ, ਪਰਮਜੀਤ ਕੌਰ, ਅਮਨਦੀਪ ਸਿੰਘ ਉੱਚਾ ਪਿੰਡ, ਮਲਕੀਤ ਸਿੰਘ ਉੱਚਾ ਪਿੰਡ, ਕਸ਼ਮੀਰ ਸਿੰਘ, ਬਲਵਿੰਦਰ ਸਿੰਘ, ਚੂਹੜ ਰਾਮ, ਗੁਰਮੀਤ ਸਿੰਘ ਰਾਣੀਪੁਰ, ਹਰਪਾਲ ਸਿੰਘ ਉੱਚਾ ਪਿੰਡ, ਅਮਰੀਕ ਸਿੰਘ, ਇਕਬਾਲ ਸਿੰਘ, ਤੀਰਥ ਸਿੰਘ, ਹਰਜਿੰਦਰ ਸਿੰਘ, ਬਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਪ੍ਰਭਜੋਤ ਸਿੰਘ, ਸੂਬੇਦਾਰ ਜਸਵਿੰਦਰ ਸਿੰਘ, ਭੁਪਿੰਦਰ ਸਿੰਘ, ਸੁਰਿੰਦਰ ਸਿੰਘ, ਪਲਵਿੰਦਰ ਸਿੰਘ, ਸਤਨਾਮ ਸਿੰਘ, ਫਕੀਰ ਸਿੰਘ, ਪਰਮਜੀਤ ਸਿੰਘ, ਬੂਟਾ ਸਿੰਘ ਉੱਚਾ ਪਿੰਡ, ਨਿਰੰਜਣ ਸਿੰਘ, ਹਰਤੇਜ ਸਿੰਘ ਉੱਚਾ ਪਿੰਡ, ਜਸਪ੍ਰੀਤ ਕੌਰ ਉੱਚਾ ਪਿੰਡ, ਨਰਿੰਦਰ ਸਿੰਘ, ਮੱਖਣ ਸਿੰਘ, ਗੁਰਮੀਤ ਸਿੰਘ ਉੱਚਾ ਪਿੰਡ, ਸੰਤੋਖ ਸਿੰਘ, ਮੁਖਤਿਆਰ ਸਿੰਘ, ਤਰਲੋਕ ਸਿੰਘ, ਤਰਸੇਮ ਸਿੰਘ, ਅਮਰਜੀਤ ਸਿੰਘ, ਬਲਵੀਰ ਸਿੰਘ, ਜੋਗਿੰਦਰ ਸਿੰਘ, ਜੋਧ ਸਿੰਘ, ਨਰਿੰਦਰ ਸਿੰਘ, ਗੁਰਜੰਟ ਸਿੰਘ, ਕਮਲਜੀਤ ਸਿੰਘ, ਕਰਮ ਸਿੰਘ, ਗੁਰਚਰਨ ਸਿੰਘ ਮੂਸਾਪੁਰ, ਮਨਜੀਤ ਸਿੰਘ ਉੱਚਾ ਪਿੰਡ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕੇ ਦੀਆਂ ਸੰਗਤਾਂ ਹਾਜਰ ਸਨ।

# ਨੌਜਵਾਨ ਮਨਦੀਪ ਔਜਲਾ ਦੀ ਮੌਤ ਤੇ ਪਿੰਡ ਵਿੱਚ ਸੋਗ ਦੀ ਲਹਿਰ



ਸ਼ੇਰਪੁਰ, ( ਹਰਜੀਤ ਸਿੰਘ ਕਾਤਿਲ ) - ਸਥਾਨਿਕ ਕਸਬੇ ਦੇ ਨੌਜਵਾਨ ਦੀ ਸ਼ੇਰਪੁਰ-ਧੂਰੀ ਰੋਡ ਤੇ ਪਿੰਡ ਕਹੇਰੂ ਨੇੜੇ ਮੌਤ ਹੋਣ ਦਾ ਦੁੱਖਦਾਈ ਸਮਾਂਚਾਰ ਪ੍ਰਾਪਤ ਹੋਇਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਤਰਸੇਮ ਸਿੰਘ ਸਦਰ ਧੂਰੀ ਨੇ ਦੱਸਿਆ ਕਿ ਇੱਕ ਵਿਅਕਤੀ ਦੀ ਡੈਡ ਬਾਡੀ ਮਿਲੀ ਸੀ ਜਿਸ ਨੂੰ ਸੋਸ਼ਲ ਮੀਡੀਆ ਗਰੁੱਪਾਂ ਵਿੱਚ ਪਹਿਚਾਣ ਲਈ ਪਾਇਆ ਗਿਆ ਤਾਂ ਪਤਾ ਲੱਗਾ ਕਿ ਨੌਜਵਾਨ ਮਨਦੀਪ ਸਿੰਘ (34) ਪੁੱਤਰ ਬਹਾਦਰ ਸਿੰਘ ਵਾਸੀ ਬੜਿੰਗ ਪੱਤੀ, ਸ਼ੇਰਪੁਰ ਕੱਲ੍ਹ ਦੁਪਹਿਰ ਸਮੇਂ ਘਰੋਂ ਕਿਸੇ ਕੰਮ ਲਈ ਗਿਆ ਸੀ ਪਰਿਵਾਰਕ ਮੈਂਬਰਾਂ ਅਨੁਸਾਰ ਦੇਰ ਸਾਮ ਤੋਂ ਬਾਅਦ ਉਸ ਦਾ ਫੋਨ ਬੰਦ ਆ ਰਿਹਾ ਸੀ। ਇਸ ਸਬੰਧੀ ਮ੍ਰਿਤਕ ਦੀ ਪਤਨੀ ਦੇ ਬਿਆਨਾ ਦੇ ਆਧਾਰ ਤੇ ਥਾਣਾ ਸਦਰ ਧੂਰੀ ਵਿਖੇ 174 ਦੀ ਕਾਰਵਾਈ ਕਰਕੇ ਪੋਸਟਮਾਰਟਮ ਉਪਰੰਤ ਮ੍ਰਿਤਕ ਦੇਹ ਪਰਿਵਾਰਕ ਮੈਂਬਰਾਂ ਦੇ ਹਵਾਲੇ ਕਰ ਦਿੱਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਮੌਤ ਦੇ ਕਾਰਨਾਂ ਦਾ ਪੋਸਟਮਾਰਟਮ ਦੀ ਰਿਪੋਰਟ ਤੋਂ ਬਾਅਦ ਹੀ ਪਤਾ ਲੱਗੇਗਾ। ਇਸ ਘਟਨਾ ਦੀ ਖਬਰ ਸੁਣਦੇ ਹੀ ਇਲਾਕੇ ਵਿੱਚ ਸੋਗ ਦੀ ਲਹਿਰ ਫੈਲ ਗਈ, ਇਲਾਕੇ ਦੇ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਆਗੂਆਂ ਵੱਲੋਂ ਨੌਜਵਾਨ ਮਨਦੀਪ ਸਿੰਘ ਦੀਪ ਦੀ ਬੇਵਕਤੀ ਮੌਤ ਤੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

# ਬਹੁਪੱਖੀ ਸ਼ਖਸ਼ੀਅਤ ,ਭਾਰਤ ਦੀ ਪ੍ਰਸਿੱਧ ਸਮਾਜਿਕ ਅਤੇ ਧਾਰਮਿਕ ਕਵਿੱਤਰੀ ਅਮਿੰਦਰ ਪ੍ਰੀਤ ਕੌਰ ਰੂਬੀ ਨਾਲ ਵਿਲੱਖਣ ਮੁਲਾਕਾਤ

ਫਗਵਾੜਾ (ਸੁਸ਼ੀਲ ਸ਼ਰਮਾ )

ਅਸੀਂ ਅੱਜ ਤੁਹਾਨੂੰ ਅਜਿਹੀ ਬਹੁਪੱਖੀ ਸ਼ਖਸ਼ੀਅਤ ਬਾਰੇ ਜਾਣੂ ਕਰਵਾ ਰਹੇ ਹਾਂ,ਜੋ ਧਾਰਮਿਕ ਅਤੇ ਉੱਤਮ ਸਮਾਜਿਕ ਕਵਿਤਾਵਾਂ ਦੀ ਨਾਮਵਰ ਕਵਿਤਰੀ ਵੀ ਹੈ,ਉਹ ਸ਼ਖ਼ਸੀਅਤ ਹੈ-ਅਮਿੰਦਰ ਪ੍ਰੀਤ ਕੌਰ ਰੂਬੀ। ਜਿਨ੍ਹਾਂ ਦਾ ਜਨਮ 5 ਅਕਤੂਬਰ 1971 ਨੂੰ ਹੋਇਆ। ਇਹਨਾਂ ਦੇ ਪਿਤਾ ਦਾ ਨਾਮ ਪ੍ਰਿੰਸੀਪਲ ਡਾ.ਇੰਦਰਜੀਤ ਸਿੰਘ ਵਾਸੂ ਹੈ,ਜੋ ਕਿ ਪ੍ਰਸਿੱਧ ਵਿਦਵਾਨ, ਗੁਰਮਤਿ ਦੇ ਵਿਆਖਿਆਕਾਰ,ਕਵੀ ਅਤੇ ਲੇਖਕ ਹਨ। ਇਹਨਾਂ ਦੀ ਮਾਤਾ ਸ੍ਰੀਮਤੀ ਗੁਰਸ਼ਰਨ ਕੌਰ ਵਾਸੂ ਰਿਟਾਇਰਡ ਲੈਕਚਰਾਰ ਹਨ। ਅਮਿੰਦਰ ਪ੍ਰੀਤ ਕੌਰ ਰੂਬੀ ਨੇ ਗੱਲਬਾਤ ਦੌਰਾਨ ਦੱਸਿਆ ਕਿ ਉਹਨਾਂ ਨੇ ਜ਼ਿੰਦਗੀ ਵਿੱਚ ਜੋ ਪ੍ਰਾਪਤੀਆਂ ਕੀਤੀਆਂ ਹਨ, ਜਿਨ੍ਹਾਂ ਵਿੱਚ ਜਿੱਥੇ ਉਨ੍ਹਾਂ ਦੇ ਮਾਤਾ ਪਿਤਾ ਦਾ ਬਹੁਤ ਸਹਿਯੋਗ ਅਤੇ ਆਸ਼ੀਰਵਾਦ ਰਿਹਾ ਹੈ,ਓਥੇ ਉਹਨਾਂ ਦੇ ਪਤੀ ਸਰਦਾਰ ਪਰਮਿੰਦਰ ਸਿੰਘ ਗਰੋਵਰ ਜੋ ਰੀਅਲ ਐਸਟੇਟ ਦੇ ਬਿਜ਼ਨਸ ਨਾਲ ਜੁੜੇ ਹਨ ਦਾ ਵੀ ਭਰਪੂਰ ਸਾਥ ਮਿਲਦਾ ਰਿਹਾ ਹੈ। ਉਹਨਾਂ ਦੇ ਵੀਰ ਸ੍ਰ. ਤੇਜ ਪ੍ਰੀਤ ਸਿੰਘ ਵਾਸੂ ਜੋ ਸੀਨੀਅਰ ਟਾਊਨ ਪਲੈਨਰ ਹਨ ਅਤੇ ਭਾਬੀ ਮਨਪ੍ਰੀਤ ਕੌਰ ਜੋ ਫਿਜ਼ਿਕਸ ਦੇ ਲੈਕਚਰਾਰ ਵਜੋਂ ਉਹਨਾਂ ਨੂੰ ਹਮੇਸ਼ਾ ਪ੍ਰੇਮ ਅਤੇ ਉਤਸ਼ਾਹ ਮਿਲਿਆ ਹੈ।

ਜੇ ਗੱਲ ਕਰੀਏ ਰੂਬੀ ਜੀ ਦੀ ਵਿੱਦਿਅਕ ਯੋਗਤਾ ਦੀ,ਤਾਂ ਉਹਨਾਂ ਨੇ ਡਿਪਲੋਮਾ ਇਨ ਫਾਰਮੇਸੀ ਕੋਰਸ (ਪਹਿਲਾ ਦਰਜਾ) ਜੂਨ 1989 ਵਿੱਚ ਗੁਜਰਾਂਵਾਲਾ ਗੁਰੂ ਨਾਨਕ ਖਾਲਸਾ ਕਾਲਜ ਲੁਧਿਆਣਾ ਤੋਂ,ਗਿਆਨੀ ਆਨਰਸ ਇਨ ਪੰਜਾਬੀ,ਸਤੰਬਰ 1989 ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ,ਡਿਪਲੋਮਾ ਇਨ ਸੰਗੀਤ ਭੂਸ਼ਣ ਵੋਕਲ ਕਲਾਸੀਕਲ ਵਿੱਚ(ਪਹਿਲਾ ਦਰਜਾ-ਵਿਸ਼ੇਸ਼ਤਾ ਸਹਿਤ),ਬੀ.ਏ.ਅਪ੍ਰੈਲ 1993 (ਮੈਰਿਟ ਲਿਸਟ) ਕਮਲਾ ਨਹਿਰੂ ਕਾਲਜ ਫਗਵਾੜਾ,ਡਿਪਲੋਮਾ ਇਨ ਟੈਕਸਟਾਈਲ ਡਿਜ਼ਾਇਨਿੰਗ (ਪਹਿਲਾ ਦਰਜਾ) ਅਪ੍ਰੈਲ 1994 ਵਿਚ, ਕਮਲਾ ਨਹਿਰੂ ਕਾਲਜ ਫਗਵਾੜਾ ਤੋਂ ਅਤੇ ਐਮ.ਏ.ਪੰਜਾਬੀ (ਪਹਿਲਾ ਦਰਜਾ) 1997 ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਪ੍ਰਾਪਤ ਕੀਤੀ। ਇਸ ਸਮੇਂ ਰੂਬੀ ਜੀ ਅਪ੍ਰੈਲ 1997 ਤੋਂ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵਿੱਚ ਪਿਛਲੇ 28 ਸਾਲ ਤੋਂ ਫਾਰਮੇਸੀ ਅਫਸਰ ਦੇ ਤੌਰ ਤੇ ਵੱਖ ਵੱਖ ਸਥਾਨਾਂ ਤੇ ਸਰਵਿਸ ਕਰਨ ਤੋਂ ਬਾਅਦ ਈ.ਐਸ.ਆਈ.ਹਸਪਤਾਲ ਫਗਵਾੜਾ ਵਿਖੇ ਆਪਣੀਆਂ ਵਧੀਆ ਅਤੇ ਬੇਦਾਗ ਸੇਵਾਵਾਂ ਦੇ ਰਹੇ ਹਨ। ਰੂਬੀ ਜੀ ਨੇ ਅਪਣੀਆਂ ਪ੍ਰਾਪਤੀਆਂ ਬਾਰੇ ਦੱਸਦੇ ਹੋਏ ਕਿਹਾ ਕਿ ਉਹਨਾਂ ਨੇ ਆਪਣਾ ਵਿੱਦਿਅਕ ਕੈਰੀਅਰ ਕਠਿਨ ਮਿਹਨਤ ਅਤੇ ਸਾਧਨਾ ਨਾਲ ਬਣਾਇਆ। ਉਹਨਾਂ ਇੱਕ ਸਫਲ ਕਵਿੱਤਰੀ ਵਜੋਂ ਆਪਣੀ ਵਿਲੱਖਣ ਪਹਿਚਾਣ ਬਣਾਈ ਕਿਉਂਕਿ ਉਹਨਾਂ ਦੀ ਬਚਪਨ ਤੋਂ ਹੀ ਸਹਿ-ਵਿਦਿਅਕ ਕਿਰਿਆਵਾਂ ਵਿਚ ਬਹੁਤ ਹੀ ਰੁਚੀ ਸੀ। ਪੰਜਵੀਂ ਕਲਾਸ ਤੋਂ ਹੀ ਕਈ ਰਾਜ ਪੱਧਰੀ ਕਵਿਤਾ ਉਚਾਰਨ ਅਤੇ ਹੋਰ ਮੁਕਾਬਲਿਆਂ ਵਿੱਚ ਪਹਿਲਾ ਇਨਾਮ, ਵੱਖ ਵੱਖ ਕਾਲਜਾਂ ਅਤੇ ਯੁਵਕ ਮੇਲਿਆਂ ਵਿੱਚ ਕਾਵਿ ਉਚਾਰਨ ਅਤੇ ਭਾਸ਼ਣ ਪ੍ਰਤੀਯੋਗਤਾਵਾਂ ਵਿੱਚ ਅੱਵਲ ਰਹਿੰਦਿਆਂ ਸੋਨ ਤਮਗੇ ਅਤੇ ਨਕਦ ਇਨਾਮ ਤੋਂ ਇਲਾਵਾ ਹੋਰ ਸੱਭਿਆਚਾਰਕ ਸਰਗਰਮੀਆਂ ਵਿੱਚ ਭਾਗ ਲੈਂਦਿਆ ਮਾਣਮੱਤੀਆਂ ਪ੍ਰਾਪਤੀਆਂ ਕੀਤੀਆਂ। ਉਹ ਕਮਲਾ ਨਹਿਰੂ ਕਾਲਜ ਵਿਖੇ ਪੰਜ ਸਾਲ ਲਗਾਤਾਰ ਬੈਸਟ ਪੋਇਟੀਕਲ ਰਿਸਾਈਟਰ ਦਾ ਖਿਤਾਬ ਜਿੱਤਦੇ ਰਹੇ , ਮਿਸ ਫੇਅਰਵੈਲ ਚੁਣੇ ਗਏ ਅਤੇ ਦੋ ਸਾਲ ਹੈਡ ਗਰਲ ਰਹੇ।

ਰੇਡੀਓ ਅਤੇ ਟੀ.ਵੀ.ਤੇ ਕਈ ਕਵੀ ਦਰਬਾਰਾਂ,ਗੁਰਬਾਣੀ ਵਿਚਾਰ ਵਿੱਚ ਕਥਾ ਵਾਰਤਾ ਅਤੇ ਹੋਰ ਪ੍ਰੋਗਰਾਮਾਂ ਵਿੱਚ ਭਾਗ ਲੈਂਦੇ ਰਹੇ। ਇਸ ਤੋਂ ਇਲਾਵਾ ਕਈ ਨਾਮਵਰ ਸੰਸਥਾਵਾਂ ਵਿੱਚ ਮੋਟੀਵੇਸ਼ਨਲ ਸਪੀਕਰ ਦੇ ਤੌਰ ਤੇ ਅਤੇ ਮੁੱਖ ਬੁਲਾਰੇ ਵਜੋਂ ਵੀ ਆਪਣੀਆਂ ਸੇਵਾਵਾਂ ਦਿੰਦੇ ਰਹੇ।

ਹੁਣ ਤੱਕ ਅਮਿੰਦਰ ਪ੍ਰੀਤ ਕੌਰ ਰੂਬੀ ਜੀ ਪੰਥਕ ਅਤੇ ਸਮਾਜਿਕ ਸਟੇਜਾਂ ਤੇ ਹਜ਼ਾਰਾਂ ਕਵੀ ਦਰਬਾਰਾਂ ਵਿੱਚ ਆਪਣੀ ਹਾਜ਼ਰੀ ਲਗਵਾ ਚੁੱਕੇ ਹਨ। ਇਸ ਦੌਰਾਨ ਪੰਜਾਬ ਅਤੇ ਪੰਜਾਬ ਤੋਂ ਬਾਹਰ ਹਰਿਆਣਾ ਅਤੇ ਦਿੱਲੀ ਵਿੱਚ ਹੋਏ ਕਵੀ ਦਰਬਾਰਾਂ ਵਿੱਚ ਵੀ ਭਾਗ ਲੈਣ ਦਾ ਸੁਭਾਗ ਪ੍ਰਾਪਤ ਹੋਇਆ। ਇਹਨਾਂ ਨੂੰ ਮਹਾਨ ਸਮਾਗਮਾਂ ਵਿੱਚੋਂ ਵਿਸ਼ੇਸ਼ ਸਨਮਾਨ ਪ੍ਰਾਪਤ ਹੋਏ।

*ਦਾਣਾ ਮੰਡੀ ਜਲੰਧਰ ਵਿਖੇ 52 ਕਵੀਆਂ ਦੇ ਮਹਾਨ ਕਵੀ ਦਰਬਾਰ ਵਿੱਚ ਹਾਜ਼ਰੀ ਭਰਨ ਸਨਮਾਨ ਪ੍ਰਾਪਤ ਹੋਇਆ। ਹੋਇਆ।

*16 ਅਕਤੂਬਰ 2018 ਨੂੰ ਇੱਕ ਹੋਰ 52 ਕਵੀਆਂ ਦੇ ਅਦੁੱਤੀ ਕਵੀ ਦਰਬਾਰ ਵਿੱਚ ਗੁਰਦੁਆਰਾ ਸੇਵੇ ਵਾਲਾ ਸਾਹਿਬ, ਜੈਤੋਂ ਜ਼ਿਲ੍ਹਾ ਫਰੀਦਕੋਟ ਵਿਖੇ ਕਵਿਤਾਵਾਂ ਦੁਆਰਾ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਨ ਕਾਰਨ ਬੇਅੰਤ ਸਨਮਾਨ ਮਿਲਿਆ।



*ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਵੀ ਦਰਬਾਰ ਵਿੱਚ ਭਾਗ ਲਿਆ ਜਿੱਥੇ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ) ਸ੍ਰੀ ਅੰਮ੍ਰਿਤਸਰ ਵੱਲੋਂ ਵਿਸ਼ੇਸ਼ ਸਨਮਾਨ ਪ੍ਰਾਪਤ ਕੀਤਾ।

*ਪੰਜਾਬੀ ਅਕਾਦਮੀ ਦਿੱਲੀ ਵੱਲੋਂ ਇਸੇ ਸਬੰਧ ਵਿੱਚ ਦਿੱਲੀ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 14,15,16 ਨਵੰਬਰ 2019 ਨੂੰ ਕਰਵਾਏ ਗਏ ਵੱਖ-ਵੱਖ ਕਵੀ ਦਰਬਾਰਾਂ ਵਿੱਚ ਸਨਮਾਨਿਤ ਕੀਤਾ ਗਿਆ।

*10 ਮਈ 2020 ਨੂੰ ਬਲੱਡ ਬੈਂਕ ਫਗਵਾੜਾ ਵੱਲੋਂ ਮਾਂ ਦਿਵਸ ਤੇ ਆਊਟ ਸਟੈਂਡਿੰਗ ਮੋਟੀਵੇਟਰ ਮਦਰ ਅਵਾਰਡ ਦਿੱਤਾ ਗਿਆ।

*ਭਾਰਤ ਸਰਕਾਰ ਦੇ ਸੱਭਿਆਚਾਰਕ ਮੰਤਰਾਲੇ ਵੱਲੋਂ ਇਨ੍ਹਾਂ ਦੀ ਚੋਣ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਨਲਾਈਨ ਲੜੀਵਾਰ ਕਵੀ ਦਰਬਾਰਾਂ ਲਈ ਹੋਈ ਅਤੇ 28 ਜੁਲਾਈ 2020 ਨੂੰ ਹੋਣ ਵਾਲੇ ਪਹਿਲੇ ਕਵੀ ਦਰਬਾਰ ਲਈ ਸਿਲੈਕਟ ਹੋਏ।

*24 ਦਸੰਬਰ 2020 ਨੂੰ ਦਸ਼ਮੇਸ਼ ਇੰਟਰਨੈਸ਼ਨਲ ਕਵੀ ਸਭਾ ਹਰਿਆਣਾ ਵੱਲੋਂ ਦੇਸ਼ ਧਰਮ ਅਤੇ ਕੌਮ ਨੂੰ ਵਡਮੁੱਲੀ ਦੇਣ ਕਾਰਨ ਸਮਰਪਤ ਕੀਤੇ ਕਈ ਸਾਲ ਅਤੇ ਪੰਜਾਬੀ ਅਤੇ ਪੰਜਾਬੀਅਤ ਦੀ ਸੇਵਾ ਵਿੱਚ ਨਿਰੰਤਰ ਜੁਟੇ ਰਹਿਣ ਕਾਰਨ ਮਾਤਾ ਗੁਜਰੀ ਜੀ ਅਤੇ ਚਾਰ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਿਤ ਨੈਸ਼ਨਲ ਕਵੀ ਦਰਬਾਰ ਵਿੱਚ ਚਮਕੌਰ ਅਤੇ ਸਰਹੰਦ ਯਾਦਗਾਰੀ ਅਵਾਰਡ ਦਿੱਤਾ ਗਿਆ।

ਇੱਥੇ ਇਹ ਗੱਲ ਦੱਸਣ ਯੋਗ ਹੈ ਕਿ ਇਹ ਅਵਾਰਡ ਹਰ ਸਾਲ ਪੂਰੇ ਹਿੰਦੁਸਤਾਨ ਵਿੱਚੋਂ ਕੇਵਲ ਇੱਕ ਕਵੀ ਨੂੰ ਦਿੱਤਾ ਜਾਂਦਾ ਹੈ।

*6 ਅਕਤੂਬਰ 2023 ਨੂੰ ਅਮਰੀਕਾ ਦੇ ਨਿਊਜ਼ ਚੈਨਲ ਵਾਇਸ ਆਫ ਮਾਨਵਤਾ ਵੱਲੋਂ ਰੂਬੀ ਜੀ ਨੂੰ ਡਾਇਮੰਡ ਲੇਡੀ ਦਾ ਖਿਤਾਬ ਦਿੱਤਾ ਗਿਆ।

ਇਹਨਾਂ ਨੂੰ ਸਿਰਜਣਾ ਕੇਂਦਰ ਕਪੂਰਥਲਾ ਵੱਲੋਂ, ਫਗਵਾੜਾ ਸ਼ਹਿਰ ਦੀ ਪ੍ਰਸਿੱਧ ਸੰਸਥਾ ਦੁਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਫਗਵਾੜਾ ਵੱਲੋਂ ਅਤੇ ਹੋਰ ਕਈ ਸੰਸਥਾਵਾਂ ਵੱਲੋਂ ਅਵਾਰਡ ਦੇ ਕੇ ਸਨਮਾਨਿਤ ਕੀਤਾ ਗਿਆ।

ਪਿਛਲੇ ਅੱਠ ਦਸ ਸਾਲ ਤੋਂ ਆਪ ਜੀ ਬਾਬਾ ਹਰਦਿਆਲ ਜੀ ਸੇਵਾ-ਸਿਮਰਨ ਕੇਂਦਰ ਸੁਭਾਸ਼ ਨਗਰ ਫਗਵਾੜਾ ਵਿਖੇ ਸਾਲਾਨਾ ਕਵੀ ਦਰਬਾਰ ਦੀ ਪ੍ਰਤਿਨਿਧਤਾ ਕਰਦੇ ਆ ਰਹੇ ਹਨ।

ਰੂਬੀ ਜੀ ਇਨਵਾਇਰਮੈਂਟ ਐਸੋਸੀਏਸ਼ਨ ਫਗਵਾੜਾ, ਬਲੱਡ ਬੈਂਕ ਫਗਵਾੜਾ,ਜੇ.ਸੀ.ਆਈ.ਫਗਵਾੜਾ, ਅਦਾਰਾ ਸੰਗੀਤ ਦਰਪਣ ਫਗਵਾੜਾ,ਦੋਆਬਾ ਸਾਹਿਤ ਤੇ ਸਮਾਜਿਕ ਕੇਂਦਰ ਫਗਵਾੜਾ, ਹੈਲਪਲਾਈਨ ਪੰਜਾਬ ਸਰਕਲ ਫਗਵਾੜਾ,ਡਿਵਾਈਨ ਐਂਜਲਸ ਵੈਲਫੇਅਰ ਸੋਸਾਇਟੀ ਫਗਵਾੜਾ,ਨਹਿਰੂ ਯੁਵਾ ਕੇਂਦਰ ਕਪੂਰਥਲਾ ਪੰਜਾਬ,ਸਕੇਪ ਸੰਸਥਾ ਪੰਜਾਬ ਫਗਵਾੜਾ,ਬਸੰਤ-ਸੁਹੇਲ ਪਬਲੀਕੇਸ਼ਨ,ਕਾਵਿ-ਸ਼ਾਸਤਰ, ਕੋਮਲ ਕਲਾਵਾਂ ਫਗਵਾੜਾ ਅਤੇ ਪੰਜਾਬੀ ਸਾਹਿਤ ਸਭਾ ਅਰਬਨ ਸਟੇਟ ਫਗਵਾੜਾ ਦੇ ਤਹਿ ਦਿਲੋਂ ਧੰਨਵਾਦੀ ਹਨ ਜਿਨ੍ਹਾਂ ਨੇ ਮੇਰੇ ਗੁਣਾਂ ਦਾ ਸਦਾ ਸਨਮਾਨ ਕੀਤਾ ਹੈ।

ਰੂਬੀ ਜੀ ਨੇ ਦੱਸਿਆ ਕਿ ਉਹ ਪੰਜਾਬ ਦੇ ਰਫੀ ਸ੍ਰ.ਰਸ਼ਪਾਲ ਸਿੰਘ ਪਾਲ ਜੀ ਦੇ ਵਿਸ਼ੇਸ਼ ਧੰਨਵਾਦੀ ਹਨ ਜਿਨ੍ਹਾਂ ਨੇ ਮੈਨੂੰ ਇੱਕ ਕਵੀ ਦਰਬਾਰ ਵਿੱਚ ਸੁਣਨ ਤੋਂ ਬਾਅਦ ਅਨੇਕਾਂ ਧਾਰਮਿਕ ਸਟੇਜਾਂ ਤੇ ਕਵੀ ਦਰਬਾਰਾਂ ਵਿੱਚ ਸ਼ਾਮਿਲ ਹੋਣ ਦੇ ਅਵਸਰ ਪ੍ਰਦਾਨ ਕੀਤੇ।

ਉਹ ਪੰਥ ਦੇ ਮਹਾਨ ਸ਼ਾਇਰ ਸਵ:ਚਮਨ ਹਰਗੋਬਿੰਦਪੁਰੀ ਜੀ,ਡਾ. ਇੰਦਰਜੀਤ ਸਿੰਘ ਵਾਸੂ ਜੀ, ਇੰਜੀ:ਕਰਮਜੀਤ ਸਿੰਘ ਨੂਰ ਜੀ,ਡਾ.ਹਰੀ ਸਿੰਘ ਜਾਚਕ ਜੀ, ਸ੍ਰ.ਗੁਰਦਿਆਲ ਸਿੰਘ ਨਿਮਰ ਜੀ ਅਤੇ ਸ੍ਰ.ਗੁਰਚਰਨ ਸਿੰਘ ਚਰਨ ਜੀ ਨੂੰ ਆਪਣਾ ਪ੍ਰੇਰਣਾ ਸਰੋਤ ਮੰਨਦੇ ਹਨ।

ਕਰੋਨਾ ਕਾਲ ਦੌਰਾਨ ਵੀ ਇਹਨਾਂ ਨੇ ਅਨੇਕਾਂ ਆਨਲਾਈਨ ਕਵੀ ਦਰਬਾਰਾਂ ਵਿੱਚ ਹਾਜ਼ਰੀ ਭਰੀ।

ਰੂਬੀ ਜੀ ਦੀ ਕਰੋਨਾ ਵਾਇਰਸ ਤੇ ਲਿਖੀ ਕਵਿਤਾ ਜੋ ਵੀ ਕੀਤਾ ਮਨੁੱਖ ਨੇ ਆਪ ਕੀਤਾ

ਦੀ ਹਰ ਸਤਰ ਦਿਲ ਨੂੰ ਟੁੰਬਦੀ ਹੈ। ਇਸ ਤੋਂ ਇਲਾਵਾ ਇਹਨਾਂ ਨੇ ਬੈਂਤ ਛੰਦ, ਖੁੱਲੀ ਕਵਿਤਾ ਅਤੇ ਵੱਖ-ਵੱਖ ਕਾਵਿ ਰੂਪਾਂ ਵਿੱਚ ਰਚਨਾਵਾਂ ਰਚੀਆਂ ਹਨ। ਜਿਨ੍ਹਾਂ ਵਿੱਚ ਮੁਹਾਵਰੇ,ਅਖਾਣ, ਅਲੰਕਾਰ ਅਤੇ ਵਿਅੰਗ ਦਾ ਸੁੰਦਰ ਸੁਮੇਲ ਮਿਲਦਾ ਹੈ।

ਰੂਬੀ ਜੀ ਦੀ ਕਲਮ ਨੇ ਬਹੁਤ ਸੁੰਦਰ ਗੀਤ ਵੀ ਲਿਖੇ ਹਨ। ਉਨ੍ਹਾਂ ਦੀਆਂ ਕਵਿਤਾਵਾਂ ਅਤੇ ਗੀਤਾਂ ਵਿੱਚ ਸਦੀਵੀ ਸਾਹਿਤ ਦੇ ਗੁਣ ਹਨ ਜੋ ਸਹਿਜੇ ਹੀ ਲੋਕਾਂ ਦੀ ਜ਼ੁਬਾਨ ਤੇ ਚੜ੍ਹ ਜਾਂਦੇ ਹਨ। ਇਸ ਪੱਖ ਤੋਂ ਉਹਨਾਂ ਦੇ ਗੀਤ ਬੇਟੀਆਂ ਨੂੰ ਸਰੋਤਿਆਂ ਵੱਲੋਂ ਬਹੁਤ ਸਰਾਹਿਆ ਜਾ ਰਿਹਾ ਹੈ।

ਕਿਸੇ ਵੀ ਸਮੱਸਿਆ ਨੂੰ (ਤਰ੍ਹਾ ਮਿਸ਼ਰਾ) ਤੇ ਨਜ਼ਮ ਨੂੰ ਉਸ ਮੀਟਰ ਵਿਚ ਬਾਖੂਬੀ ਨਿਭਾਉਂਦੇ ਹਨ,ਜਿਸ ਨੂੰ ਸੁਣਕੇ ਸਰੋਤੇ ਵਾਹ ਵਾਹ ਕਰ ਉੱਠਦੇ ਹਨ।

ਇਹਨਾਂ ਦੀਆਂ ਕਵਿਤਾਵਾਂ ਵਿੱਚ ਬੀਰ ਰਸ ਅਤੇ ਚੜ੍ਹਦੀ ਕਲਾ ਸਿਖਰ ਤੇ ਹੁੰਦੀ ਹੈ। ਜਿਸ ਦਾ ਨਜ਼ਾਰਾ ਛੋਟੇ ਸਾਹਿਬਜ਼ਾਦਿਆਂ ਤੇ ਲਿਖੀ ਕਵਿਤਾ ਨਿੱਕੀਆਂ ਜਿੰਦਾਂ ਵੱਡਾ ਸਾਕਾ ਵਿੱਚ ਵੇਖ ਹੀ ਸਕਦੇ ਹਾਂ।

ਸਿਹਤ ਵਿਭਾਗ ਵੱਲੋਂ ਕਰਵਾਏ ਜਾਂਦੇ ਵਿਸ਼ੇਸ਼ ਸਮਾਗਮਾਂ, ਰਿਟਾਇਰਮੈਂਟ ਫੰਕਸ਼ਨਾਂ ਕਵੀ ਦਰਬਾਰਾਂ ਅਤੇ ਸਮਾਜਿਕ ਪ੍ਰੋਗਰਾਮਾਂ ਵਿੱਚ ਮੰਚ ਸੰਚਾਲਕ ਅਤੇ ਜੱਜ ਦੀ ਭੂਮਿਕਾ ਵੀ ਬਾਖੂਬੀ ਨਿਭਾਉਂਦੇ ਹਨ।ਕਈ ਪ੍ਰੋਗਰਾਮਾਂ ਵਿੱਚ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ (ਗੈਸਟ ਆਫ ਆਨਰ) ਬਣਨ ਪਿੱਛੇ ਰੂਬੀ ਜੀ ਪਰਮਾਤਮਾ ਦੀ ਬਖਸ਼ਿਸ਼ ਨੂੰ ਮੰਨਦੇ ਹਨ,ਜਿਸਨੇ ਸੋਝੀ ਅਤੇ ਸਦਗੁਣਾਂ ਨਾਲ ਨਿਵਾਜਿਆ ਹੈ।ਇਹਨਾਂ ਦੁਆਰਾ ਲਿਖੀਆਂ ਕਈ ਕਵਿਤਾਵਾਂ ਮਹਾਨ ਲੇਖਕਾਂ ਅਤੇ ਕਵੀ ਸਾਹਿਬਾਨ ਦੁਆਰਾ ਸੰਪਾਦਿਤ ਪੁਸਤਕਾਂ ਅਤੇ ਅਖਬਾਰਾਂ ਵਿੱਚ ਛਪ ਚੁੱਕੀਆਂ ਹਨ। ਇਹਨਾਂ ਨੇ ਅਲੱਗ ਅਲੱਗ ਵਿਸ਼ਿਆਂ ਤੇ ਕਲਮ ਅਜ਼ਮਾਈ ਹੈ ਅਤੇ ਕੁਝ ਕਿਤਾਬਾਂ ਦੇ ਮੁੱਖ-ਬੰਦ ਵੀ ਲਿਖੇ ਹਨ।

ਅੱਜ ਕੱਲ੍ਹ ਉਹ ਕਵਿਤਾਵਾਂ ਦੀਆਂ ਦੋ ਪੁਸਤਕਾਂ ਛਾਪਣ ਦੀ ਤਿਆਰੀ ਕਰ ਰਹੇ ਹਨ।

ਮਿਠ ਬੋਲੜੇ,ਨਿਮਰ ਸੁਭਾਅ ਦੇ ਮਾਲਕ,ਮਿਲਣਸਾਰ ਅਤੇ ਹਰਮਨ ਪਿਆਰੇ ਰੂਬੀ ਜੀ ਜਿੱਥੇ ਵੱਖ-ਵੱਖ ਪ੍ਰੋਗਰਾਮਾਂ ਵਿੱਚ ਆਪਣੀ ਹਾਜ਼ਰੀ ਲਗਵਾਉਂਦੇ ਹਨ ਓਥੇ ਆਪਣੀ ਨੌਕਰੀ ਵੀ ਕਰਦੇ ਹਨ ਅਤੇ ਨਾਲ ਹੀ ਆਪਣੀਆਂ ਪਰਿਵਾਰਕ ਜ਼ਿੰਮੇਵਾਰੀਆਂ ਵੀ ਬਾਖੂਬੀ ਨਿਭਾਉਂਦੇ ਹਨ। ਅਮਿੰਦਰ ਪ੍ਰੀਤ ਨੇ ਬਹੁਪੱਖੀ ਸ਼ਖ਼ਸੀਅਤ ਹੋਣ ਦੇ ਨਾਲ ਨਾਲ ਮਾਂ ਦੀਆਂ ਜ਼ਿੰਮੇਵਾਰੀਆਂ ਵੀ ਬਾਖੂਬੀ ਨਿਭਾਈਆਂ ਹਨ ਅਤੇ ਨਿਭਾ ਰਹੇ ਹਨ ਜਿਵੇਂ ਉਨ੍ਹਾਂ ਦੇ ਸਪੁੱਤਰ ਮਾਨਵਦੀਪ ਸਿੰਘ ਜੋ ਕਿ ਬੰਗਲੌਰ ਵਿਖੇ ਪੌਕਿਟ ਐਫ. ਐਮ.ਕੰਪਨੀ ਵਿੱਚ

ਐਸੋਸੀਏਟ ਡਾਇਰੈਕਟਰ ਹਨ ਅਤੇ ਉਨਾਂ ਦੀ ਬੇਟੀ ( ਨੂੰਹ ਰਾਣੀ ) ਗੁਰਜੋਤ ਕੌਰ ਉਸੇ ਕੰਪਨੀ ਵਿੱਚ ਗਰੋਥ ਮੈਨੇਜਰ ਹੈ। ਉਹਨਾਂ ਦੀ ਬੇਟੀ ਅਨੂਰੀਤ ਕੌਰ ਬੰਗਲੋਰ ਵਿਖੇ ਹੀ ਮੀਸ਼ੋ ਕੰਪਨੀ ਵਿੱਚ ਐਸੋਸੀਏਟ ਬਿਜ਼ਨਸ ਮੈਨੇਜਰ ਹੈ।ਰੂਬੀ ਜੀ ਜਿੱਥੇ ਇੱਕ ਕਵਿੱਤਰੀ ਹਨ,ਉੱਥੇ ਨਾਲ ਹੀ ਉਹ ਸਮਾਜ ਸੇਵਾ ਦੇ ਕੰਮਾਂ ਵਿੱਚ ਵੀ ਵੱਧ ਚੜ੍ਹ ਕੇ ਭਾਗ ਲੈਂਦੇ ਹਨ। ਉਹਨਾਂ ਦੀ ਦਿਲੀ ਇੱਛਾ ਹੈ ਕਿ ਜ਼ਿੰਦਗੀ ਦਾ ਬਾਕੀ ਸਫਰ ਇਸੇ ਤਰ੍ਹਾਂ ਹੀ ਗੁਰੂ ਸਾਹਿਬਾਨ ਦੀ ਸਿਫਤ ਸਲਾਹ ਕਰਦਿਆਂ,ਸਰਬੱਤ ਦੇ ਭਲੇ ਲਈ ਕਾਰਜ ਕਰਦਿਆਂ ਅਤੇ ਸਮਾਜ ਸੇਵਾ ਦੇ ਕੰਮ ਕਰਦਿਆਂ ਗੁਜ਼ਰਦਾ ਰਹੇ। ਉਹ ਆਪਣੀ ਸਫਲਤਾ ਪਿੱਛੇ ਗੁਰੂ ਦੀ ਮੇਹਰ, ਆਪਣੇ ਮਾਤਾ-ਪਿਤਾ,ਸਮੂਹ ਪਰਿਵਾਰ, ਅਧਿਆਪਕ ਸਾਹਿਬਾਨ ਵਿਸ਼ੇਸ਼ ਕਰਕੇ ਪੰਜਾਬੀ ਦੇ ਲੈਕਚਰਾਰ ਮੈਡਮ ਸਰੋਜ ਬਲਰਾਮ ਜੀ,ਗੁਰੂ ਸੰਗਤਾਂ ਅਤੇ ਸਰੋਤਿਆਂ ਦਾ ਹੱਥ ਮੰਨਦੇ ਹਨ। ਉਹ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਅਤੇ ਸਹਿ ਕਰਮੀਆਂ ਦੇ ਦਿਲੋਂ ਧੰਨਵਾਦੀ ਹਨ ਜੋ ਉਹਨਾਂ ਨੂੰ ਸਦਾ ਉੱਦਮ ਅਤੇ ਉਤਸ਼ਾਹ ਦਿੰਦੇ ਹਨ।ਉਹ ਇਸ ਵੇਲੇ ਫਗਵਾੜਾ ਸ਼ਹਿਰ ਦੀ ਪ੍ਰਸਿੱਧ ਸੰਸਥਾ ਦੋਆਬਾ ਸਾਹਿਤ ਅਤੇ ਸਮਾਜਿਕ ਕੇਂਦਰ ਫਗਵਾੜਾ ਦੇ ਮੀਤ ਪ੍ਰਧਾਨ ਅਤੇ ਸਟੇਜ ਸਕੱਤਰ ਵਜੋਂ ਵੀ ਆਪਣੀਆਂ ਸੇਵਾਵਾਂ ਦੇ ਰਹੇ ਹਨ। ਉਹ ਡਿਵਾਈਨ ਏਂਜਲਸ ਵੈਲਫੇਅਰ ਸੋਸਾਇਟੀ ਫਗਵਾੜਾ ਦੇ ਸਰਗਰਮ ਮੈਂਬਰ ਹਨ। ਇਸ ਦੇ ਨਾਲ ਹੀ ਕਪੂਰਥਲਾ ਫਾਰਮੇਸੀ ਆਫਿਸਰਜ਼ ਐਸੋਸੀਏਸ਼ਨ ਦੇ ਮੈਂਬਰ ਵੀ ਹਨ। ਸ਼ਾਲਾ ਰੂਬੀ ਜੀ ਆਪਣੀ ਜ਼ਿੰਦਗੀ ਵਿਚ ਨਿਰੰਤਰ ਗਤੀਸ਼ੀਲ ਰਹਿੰਦਿਆਂ ਹੋਇਆਂ ਬੁਲੰਦੀਆਂ ਨੂੰ ਛੂੰਹਦੇ ਰਹਿਣ

# ਪਿੰਡ ਸਾਹਨੀ 'ਚ 7, 8 ਫਰਵਰੀ ਨੂੰ ਹੋਣ ਵਾਲੇ ਸਲਾਨਾ ਗਿਆਰਵੀਂ ਉਰਸ ਜੋੜ ਮੇਲੇ ਦਾ ਪੋਸਟਰ ਰਿਲੀਜ਼

ਫਗਵਾੜਾ ( ਸੁਸ਼ੀਲ ਸ਼ਰਮਾ ) ਧੰਨ ਧੰਨ ਨੂਰ-ਏ-ਖੁਦਾ ਦਰਬਾਰ ਬਾਬਾ ਮੰਗੂ ਸ਼ਾਹ ਪਿੰਡ ਸਾਹਨੀ (ਤਹਿ.ਫਗਵਾੜਾ) ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ 7 ਅਤੇ 8 ਫਰਵਰੀ ਨੂੰ ਦਰਬਾਰ ਦੇ ਗੱਦੀ ਨਸ਼ੀਨ ਸਾਂਈ ਕਰਨੈਲ ਸ਼ਾਹ ਦੀ ਅਗਵਾਈ ਹੇਠ ਪ੍ਰਬੰਧ ਕਮੇਟੀ ਵਲੋਂ ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਸਲਾਨਾ ਗਿਆਰਵੀਂ ਉਰਸ ਸਬੰਧੀ ਅੱਜ ਪੋਸਟਰ ਰਿਲੀਜ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਸਾਂਈ ਕਰਨੈਲ ਸ਼ਾਹ ਨੇ ਦੱਸਿਆ ਕਿ ਸਲਾਨਾ ਜੋੜ ਮੇਲੇ ਦੀਆਂ ਤਿਆਰੀਆਂ ਜੰਗੀ ਪੱਧਰ ਤੇ ਜਾਰੀ ਹਨ ਅਤੇ ਸੇਵਾਦਾਰਾਂ ਦੀਆਂ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ। ਉਹਨਾਂ ਦੱਸਿਆ ਕਿ ਪਹਿਲੇ ਦਿਨ 7 ਫਰਵਰੀ ਦਿਨ ਸ਼ੁੱਕਰਵਾਰ ਨੂੰ ਸ਼ਾਮ ਸਮੇਂ ਚਰਾਗ਼ ਅਤੇ ਰਾਤ ਨੂੰ ਮਹਿੰਦੀ ਦੀ ਰਸਮ ਅਦਾ ਕੀਤੀ ਜਾਵੇਗੀ। ਦੂਸਰੇ ਦਿਨ ਸ਼ਨੀਵਾਰ 8 ਫਰਵਰੀ ਨੂੰ ਸਵੇਰੇ 10 ਵਜੇ ਝੰਡੇ ਅਤੇ ਚਾਦਰ ਦੀ ਰਸਮ ਉਪਰੰਤ ਸਰਬੱਤ ਦੇ ਭਲੇ ਦੀ ਅਰਦਾਸ ਹੋਵੇਗੀ। ਜਿਸ ਤੋਂ ਬਾਅਦ ਦੁਪਿਹਰ 1 ਵਜੇ ਸੰਗਤਾਂ 'ਚ ਕੜੀ ਦਾ ਪ੍ਰਸਾਦ ਵੰਡਿਆ ਜਾਵੇਗਾ। ਰਾਤ ਨੂੰ ਮਹਿਫਿਲ-ਏ-ਕੱਵਾਲ ਵੀ ਸਜਾਈ ਜਾਵੇਗੀ ਜਿਸ ਵਿੱਚ ਨਾਮਵਰ ਕੱਵਾਲ ਸੂਫੀਆਨਾ ਕਲਾਮ ਪੇਸ਼ ਕਰਨਗੇ। ਉਹਨਾਂ ਨੇ ਦੱਸਿਆ ਕਿ ਸਲਾਨਾ ਉਰਸ ਨੂੰ ਲੈ ਕੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਿਚ ਭਾਰੀ ਉਤਸ਼ਾਹ ਹੈ। ਉਹਨਾਂ ਸਮੂਹ ਸੰਗਤਾਂ ਨੂੰ ਇਸ ਸਲਾਨਾ ਉਰਸ ਵਿਚ ਪਰਿਵਾਰਾਂ ਸਮੇਤ ਹਾਜਰੀ ਲਗਵਾ ਕੇ ਦਰਬਾਰ ਦਾ ਅਸ਼ੀਰਵਾਦ ਪ੍ਰਾਪਤ ਕਰਨ ਦੀ ਪੁਰਜ਼ੋਰ ਅਪੀਲ ਵੀ ਕੀਤੀ। ਇਸ ਮੌਕੇ ਸਰਪੰਚ ਬੀਬੀ ਬਖਸ਼ਿੰਦਰ ਬਾਂਸਲ ਪਤਨੀ ਸੁਖਦੇਵ ਸਿੰਘ ਬਾਂਸਲ, ਮੇਜਰ ਸਿੰਘ, ਸਤਨਾਮ ਸਿੰਘ, ਰਾਮ ਸ਼ਰਨ, ਦਵਿੰਦਰ ਸਿੰਘ, ਸੁਖਜਿੰਦਰ ਕੁਮਾਰ, ਸ਼ਰਨ ਕਾਹਲੋਂ, ਕਰਨਜੀਤ ਸਿੰਘ, ਹਰਪ੍ਰੀਤ ਸਿੰਘ, ਸੋਨੀ ਸਾਹਨੀ, ਮੋਠੂ ਰਾਮ ਕੌਸ਼ਲ, ਜੱਗਾ, ਕੁਲਦੀਪ ਸ਼ੇਖੂਪੁਰ, ਰਵੀ ਕੁਮਾਰ, ਗੋਪੀ ਕਾਹਲੋਂ, ਵਿਕਾਸ ਕੌਸ਼ਲ, ਵਿੱਕੀ ਬਾਗਲਾ, ਬਹਾਦਰ ਸਿੰਘ, ਸਰਬਜੀਤ ਸਿੰਘ, ਬਲਵੀਰ ਸਿੰਘ ਬੰਗਾ, ਜੀਤਾ ਕਾਹਲੋਂ, ਜਰਨੈਲ ਸਿੰਘ, ਮੇਜਰ ਸਿੰਘ, ਅਮਰੀਕ ਸਿੰਘ ਮੀਕਾ, ਪ੍ਰੇਮਨਾਥ, ਨਿਰਮਲ ਸਿੰਘ ਚੱਕ ਹਕੀਮ, ਜੋਵਨਜੀਤ, ਬਾਬਾ ਧੰਨਾ ਜੀ, ਬੱਬੂ ਲੱਖਪੁਰ, ਨਰੇਸ਼ ਕੁਮਾਰ, ਸੇਵਾ ਰਾਮ, ਕੁਲਵੀਰ ਸਿੰਘ, ਇੰਦਰਜੀਤ ਸਿੰਘ ਕਾਹਲੋਂ, ਹਨੀ ਕੌਸ਼ਲ, ਚਮਨ ਲਾਲ ਕਾਲੂਪੁਰ, ਲਛਮਣ ਸਾਹਨੀ, ਸੁਰਿੰਦਰ ਸਿੰਘ, ਡੋਰੀ ਲਾਲ, ਹਰਦੀਪ ਸਿੰਘ, ਕਮਲਜੀਤ ਕੰਬਾ ਪ੍ਰੇਮਪੁਰ, ਰਾਜੂ ਢੋਲੀ, ਗੁਰਪ੍ਰੀਤ ਕਾਹਲੋਂ, ਸੂਬਾ ਸਿੰਘ ਸਾਹਨੀ, ਰਾਜਾ ਸਾਹਨੀ, ਰਣਜੀਤ ਸਿੰਘ ਕਾਹਲੋਂ, ਸਨੀ ਸਾਹਨੀ ਆਦਿ ਹਾਜ਼ਰ ਸਨ।



ਤਸਵੀਰ 001, ਕੈਪਸ਼ਨ- ਪਿੰਡ ਸਾਹਨੀ ਵਿਖੇ ਕਰਵਾਏ ਜਾ ਰਹੇ ਸਲਾਨਾ ਗਿਆਰਵੀਂ ਉਰਸ ਦਾ ਪੋਸਟਰ ਰਿਲੀਜ ਕਰਦੇ ਹੋਏ ਸਾਂਈ ਕਰਨੈਲ ਸ਼ਾਹ ਅਤੇ ਹੋਰ ਸੰਗਤਾਂ।

# ਮਾਨਸਾ, ਲੁਧਿਆਣਾ, ਹੁਸ਼ਿਆਰਪੁਰ, ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰਾਂ ਅਤੇ ਯੁਵਕ ਸੇਵਾਵਾਂ ਦੇ ਡਾਇਰੈਕਟਰ ਨੂੰ ਮਿਸਾਲੀ ਚੋਣ ਸੇਵਾਵਾਂ ਲਈ ਪੁਰਸਕਾਰ ਨਾਲ ਨਿਵਾਜਿਆ

ਲੁਧਿਆਣਾ, (ਸੁਖਚੈਨ ਮਹਿਰਾ ) - 15ਵੇਂ ਰਾਸ਼ਟਰੀ ਵੋਟਰ ਦਿਵਸ ਦਾ ਰਾਜ ਪੱਧਰੀ ਸਮਾਗਮ ਲੁਧਿਆਣਾ ਵਿੱਚ ਕਰਵਾਇਆ ਗਿਆ।

ਵਧੀਕ ਮੁੱਖ ਚੋਣ ਅਫ਼ਸਰ ਹਰੀਸ਼ ਨਈਅਰ ਵੱਲੋਂ ਸਮਾਗਮ ਦੀ ਪ੍ਰਧਾਨਗੀ ਕੀਤੀ ਗਈ। ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ, ਸੰਯੁਕਤ ਮੁੱਖ ਚੋਣ ਅਫ਼ਸਰ ਸਕੱਤਰ ਸਿੰਘ ਬੱਲ, ਵਧੀਕ ਡਿਪਟੀ ਕਮਿਸ਼ਨਰ ਅਮਰਜੀਤ ਬੈਂਸ, ਕੁਲਪ੍ਰੀਤ ਸਿੰਘ ਅਤੇ ਹੋਰ ਵੀ ਮੌਜੂਦ ਸਨ।

ਇਸ ਸਮਾਗਮ ਦੀ ਸ਼ੁਰੂਆਤ ਇੱਕ ਬਾਈਕ ਰੈਲੀ ਨਾਲ ਹੋਈ ਜਿਸ ਵਿੱਚ ਸੈਂਕੜੇ ਨੌਜਵਾਨਾਂ ਨੇ ਹਾਰਲੇ ਡੇਵਿਡਸਨ ਅਤੇ ਹੋਰ ਸੁਪਰ-ਬਾਈਕਾਂ ਤੇ ਸਵਾਰ ਹੋ ਕੇ ਲੋਕਾਂ ਵਿੱਚ ਵੋਟ ਦੇ ਅਧਿਕਾਰ ਦਾ ਸੰਦੇਸ਼ ਦਿੱਤਾ।

ਰਾਜ ਪੱਧਰੀ ਸਮਾਗਮ ਦੌਰਾਨ, ਚੋਣ ਅਧਿਕਾਰੀਆਂ ਨੂੰ ਲੋਕ ਸਭਾ ਚੋਣਾਂ 2024 ਦੌਰਾਨ ਉਨ੍ਹਾਂ ਦੀਆਂ ਮਿਸਾਲੀ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ।

ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਵਿੱਚ ਡਿਪਟੀ ਕਮਿਸ਼ਨਰ ਮਾਨਸਾ ਕੁਲਵੰਤ ਸਿੰਘ, ਡਿਪਟੀ ਕਮਿਸ਼ਨਰ ਲੁਧਿਆਣਾ ਜਤਿੰਦਰ ਜੋਰਵਾਲ, ਹੁਸ਼ਿਆਰਪੁਰ ਦੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਡਾਇਰੈਕਟਰ ਯੁਵਕ ਸੇਵਾਵਾਂ ਹਰਪ੍ਰੀਤ ਸਿੰਘ ਸੂਦਨ, ਆਈ.ਏ.ਐਸ., ਸਹਾਇਕ ਕਮਿਸ਼ਨਰ ਕ੍ਰਿਤਿਕਾ ਗੋਇਲ ਸ਼ਾਮਲ ਸਨ। ਗੋਇਲ ਨੇ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੱਲੋਂ ਪੁਰਸਕਾਰ ਪ੍ਰਾਪਤ ਕੀਤਾ, ਵਧੀਕ ਡਿਪਟੀ ਕਮਿਸ਼ਨਰ ਰੋਪੜ ਪੂਜਾ ਸਿਆਲ ਗਰੇਵਾਲ, ਵਧੀਕ ਡਿਪਟੀ ਕਮਿਸ਼ਨਰ ਜਗਰਾਉਂ ਕੁਲਪ੍ਰੀਤ ਸਿੰਘ, ਮੋਗਾ ਸਵੀਪ ਨੋਡਲ ਅਫਸਰ ਸ਼ੁਭੀ ਆਂਗਰਾ, ਫਿਰੋਜ਼ਪੁਰ ਚੋਣ ਤਹਿਸੀਲਦਾਰ ਚੰਦ ਪ੍ਰਕਾਸ਼, ਪੀ.ਡਬਲਯੂ.ਡੀ ਸਾਈਕਲਿਸਟ ਮਨਮੋਹਨ ਸਿੰਘ, ਬੈਸਟ ਈ.ਆਰ.ਓ ਕੁਲਦੀਪ ਬਾਵਾ, ਬੈਸਟ ਸਵੀਪ ਨੋਡਲ ਅਫਸਰ ਹਰਜੋਤ ਸਿੰਘ, ਬੈਸਟ ਬੀ.ਐਲ.ਓ. ਕਰਮਜੀਤ ਕੌਰ ਅਤੇ ਹੋਰਾਂ ਵੱਲੋਂ ਵੀ ਪੁਰਸਕਾਰ ਪ੍ਰਾਪਤ ਕੀਤਾ ਗਿਆ.

ਪੰਜਾਬ ਚੋਣ ਕੁਇਜ਼-2025 ਦੇ ਜੇਤੂਆਂ ਵਿੱਚ ਸੁਮਿਤ ਨਰੂਲਾ ਮੋਗਾ ਨੂੰ ਲੈਪਟਾਪ, ਪਟਿਆਲਾ ਤੋਂ ਗੁਰਲੀਨ ਕੌਰ ਅਤੇ ਮੋਹਾਲੀ ਤੋਂ ਲਵਿਸ਼ ਨੂੰ ਮੁੱਖ ਮਹਿਮਾਨ ਦੁਆਰਾ ਟੈਬਲੇਟ ਅਤੇ ਸਮਾਰਟ ਵਾਚ ਨਾਲ ਸਨਮਾਨਿਤ ਕੀਤਾ ਗਿਆ।

ਸਮਾਗਮ ਦੌਰਾਨ ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਦਾ ਇੱਕ ਵੀਡੀਓ ਸੰਦੇਸ਼ ਵੀ ਚਲਾਇਆ ਗਿਆ। ਇਸ ਸਮਾਗਮ ਦੌਰਾਨ ਇਲੈਕਟੋਰਲ ਲਿਟਰੇਸੀ ਕਲੱਬ ਪੋਰਟਲ ਵੀ ਲਾਂਚ ਕੀਤਾ ਗਿਆ ਅਤੇ ਸਵੀਪ ਕੌਫੀ ਟੇਬਲ ਬੁੱਕ ਵੀ ਜਾਰੀ ਕੀਤੀ ਗਈ। ਪਹਿਲੀ ਵਾਰ ਵੋਟ ਪਾਉਣ ਵਾਲਿਆਂ ਨੂੰ ਐਪਿਕ ਕਾਰਡ ਵੀ ਦਿੱਤੇ ਗਏ। ਪੋਸਟਰ ਮੇਕਿੰਗ, ਮਹਿੰਦੀ, ਭਾਸ਼ਣ ਮੁਕਾਬਲਿਆਂ ਦੇ ਜੇਤੂਆਂ ਨੂੰ ਵੀ ਸਨਮਾਨਿਤ ਕੀਤਾ ਗਿਆ। ਰੈੱਡ ਕਰਾਸ ਡੈਫ ਐਂਡ ਡੰਬ ਸਕੂਲ ਅਤੇ ਹੋਰ ਵਿਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ।



ਨੌਜਵਾਨਾਂ ਨੂੰ ਚੋਣਾਂ ਵਿੱਚ ਵੋਟ ਪਾਉਣ ਦੇ ਆਪਣੇ ਅਧਿਕਾਰ ਦੀ ਵਰਤੋਂ ਕਰਨ ਲਈ ਪ੍ਰੇਰਿਤ ਕਰਦਿਆਂ ਵਧੀਕ ਮੁੱਖ ਚੋਣ ਅਫ਼ਸਰ ਨੇ ਉਨ੍ਹਾਂ ਨੂੰ ਵੱਧ ਚੜ੍ਹ ਕੇ ਵੋਟ ਪਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੂੰ 25 ਜਨਵਰੀ, 2011 ਤੋਂ ਮਨਾਏ ਜਾ ਰਹੇ ਇਸ ਦਿਨ ਦੀ ਮਹੱਤਤਾ ਬਾਰੇ ਦੱਸਿਆ ਅਤੇ ਲੋਕਤੰਤਰ ਦੀ ਰੱਖਿਆ ਲਈ, ਵੋਟ ਪਾਉਣ ਦਾ ਹੱਕ ਸਾਡੇ ਸੰਵਿਧਾਨ ਦੁਆਰਾ ਦਿੱਤੇ ਗਏ ਸਭ ਤੋਂ ਵੱਡੇ ਸਾਧਨਾਂ ਵਿੱਚੋਂ ਇੱਕ ਹੈ।

ਨਈਅਰ ਨੇ ਅੱਗੇ ਕਿਹਾ ਕਿ ਵੋਟ ਪਾਉਣਾ ਸਾਡਾ ਫਰਜ਼ ਹੈ ਅਤੇ ਸਾਰਿਆਂ ਨੂੰ ਆਪਣਾ ਫਰਜ਼ ਇਮਾਨਦਾਰੀ ਨਾਲ ਨਿਭਾਉਣਾ ਚਾਹੀਦਾ ਹੈ ਕਿਉਂਕਿ ਇਹ ਅਧਿਕਾਰਾਂ ਦੀ ਰੱਖਿਆ ਨੂੰ ਯਕੀਨੀ ਬਣਾਏਗਾ। ਉਨ੍ਹਾਂ ਕਿਹਾ ਕਿ ਅਸੀਂ ਸਾਰੇ ਭਾਰਤ ਵਰਗੇ ਆਜ਼ਾਦ ਦੇਸ਼ ਵਿੱਚ ਰਹਿ ਕੇ ਮਾਣ ਮਹਿਸੂਸ ਕਰਦੇ ਹਾਂ, ਪਰ ਸਾਨੂੰ ਸਾਰਿਆਂ ਨੂੰ ਇਹ ਵੀ ਸਮਝਣਾ ਚਾਹੀਦਾ ਹੈ ਕਿ ਭਾਰਤ ਨੇ ਬਹੁਤ ਸੰਘਰਸ਼ ਤੋਂ ਬਾਅਦ ਆਜ਼ਾਦੀ ਪ੍ਰਾਪਤ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੇ ਵੋਟ ਪਾਉਣ ਦੇ ਅਧਿਕਾਰ ਦੀ ਵਰਤੋਂ ਕਰਕੇ ਆਪਣੇ ਲੋਕਤੰਤਰ ਨੂੰ ਮਜ਼ਬੂਤ ਕਰਨ ਲਈ ਸਖ਼ਤ ਮਿਹਨਤ ਕਰਨੀ ਚਾਹੀਦੀ ਹੈ, ਜੋ ਕਿ ਸਾਡਾ ਫਰਜ਼ ਵੀ ਹੈ।

ਨਈਅਰ ਨੇ ਇਸ ਮੌਕੇ ਤੇ ਮੌਜੂਦ ਸਾਰੇ ਲੋਕਾਂ ਨੂੰ ਆਜ਼ਾਦ ਅਤੇ ਨਿਰਪੱਖ ਢੰਗ ਨਾਲ ਵੋਟ ਪਾਉਣ ਦੇ ਆਪਣੇ ਅਧਿਕਾਰ ਦੀ ਵਰਤੋਂ ਕਰਨ ਦੀ ਸਹੁੰ ਵੀ ਚੁਕਾਈ।

## ਕਾਨਪੁਰ ਵਿੱਚ 8 ਪੁਲਿਸ ਮੁਲਾਜ਼ਮਾਂ ਦੀ ਹੱਤਿਆ ਦੇ ਦੋਸ਼ੀ ਬਦਨਾਮ ਵਿਕਾਸ ਦੂਬੇ ਦੇ ਖਜ਼ਾਨਚੀ ਦੇ ਭਰਾ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।



ਕਾਨਪੁਰ (ਸੁਨੀਲ ਬਾਜਪਾਈ) ਸਵਰੂਪ ਨਗਰ ਪੁਲਿਸ ਨੇ ਸ਼ਨੀਵਾਰ ਨੂੰ ਬਦਨਾਮ ਅਪਰਾਧੀ ਵਿਕਾਸ ਦੂਬੇ ਦੇ ਖਜ਼ਾਨਚੀ ਜੈ ਬਾਜਪਾਈ ਦੇ ਭਰਾ ਸ਼ੋਭਿਤ ਨੂੰ ਗ੍ਰਿਫਤਾਰ ਕੀਤਾ, ਜਿਸਨੇ ਗੋਲੀਬਾਰੀ ਵਿੱਚ ਇੱਕ ਡੀਐਸਪੀ ਸਮੇਤ 8 ਪੁਲਿਸ ਮੁਲਾਜ਼ਮਾਂ ਨੂੰ ਮਾਰ ਦਿੱਤਾ ਸੀ ਅਤੇ ਬਾਅਦ ਵਿੱਚ ਇੱਕ ਮੁਕਾਬਲੇ ਵਿੱਚ ਮਾਰਿਆ ਗਿਆ ਸੀ। ਉਹ ਨਾ ਤਾਂ ਖਰੀਦੀ ਗਈ ਕਾਰ ਦੇ ਪੈਸੇ ਦੇ ਰਿਹਾ ਸੀ ਅਤੇ ਨਾ ਹੀ ਵਾਪਸ ਕਰ ਰਿਹਾ ਸੀ। ਪੁਲਿਸ ਅਨੁਸਾਰ, ਸ਼ੋਭਿਤ ਨੇ ਇਹ ਕਾਰ ਉਨਾਓ ਦੇ ਇੱਕ ਅਧਿਆਪਕ ਤੋਂ ਖਰੀਦੀ ਸੀ। ਜਦੋਂ ਅਧਿਆਪਕ ਨੇ ਵਿਰੋਧ ਕੀਤਾ ਤਾਂ ਉਸਨੂੰ ਵੀ ਕੁੱਟਿਆ ਗਿਆ। ਜਿਸ ਤੋਂ ਬਾਅਦ ਪੀੜਤ ਅਧਿਆਪਕਾ ਨੇ ਘਟਨਾ ਦੀ ਸ਼ਿਕਾਇਤ ਸ਼ਹਿਰ ਦੀ ਪੁਲਿਸ ਨੂੰ ਕੀਤੀ।

ਜਾਣਕਾਰੀ ਦਿੰਦੇ ਹੋਏ, ਸਵਰੂਪ ਨਗਰ ਪੁਲਿਸ ਸਟੇਸ਼ਨ ਇੰਚਾਰਜ ਸੂਰਿਆਬਲੀ ਪਾਂਡੇ ਨੇ ਕਿਹਾ - ਉਨਾਓ ਨਿਵਾਸੀ ਅਧਿਆਪਕ ਸ਼ੈਲੇਂਦਰ ਸਿੰਘ ਨੇ ਕਾਰ ਸ਼ੋਭਿਤ ਨੂੰ ਵੇਚ ਦਿੱਤੀ ਸੀ, ਜੋ ਕਿ ਬਿਕਾਰੂ ਮਾਮਲੇ ਦੇ ਦੋਸ਼ੀ ਜੈ ਬਾਜਪਾਈ ਦੇ ਬ੍ਰਹਮਾ ਨਗਰ ਵਿੱਚ ਰਹਿੰਦਾ ਹੈ। ਸ਼ੋਭਿਤ ਨੇ ਕਾਰ ਖਰੀਦੀ ਪਰ ਦੋਸ਼ ਹੈ ਕਿ ਉਸਨੇ ਨਾ ਤਾਂ ਪੂਰੀ ਅਦਾਇਗੀ ਕੀਤੀ ਅਤੇ ਨਾ ਹੀ ਕਾਰ ਟਰਾਂਸਫਰ ਕਰਵਾ ਰਿਹਾ ਸੀ।

ਅਧਿਆਪਕ ਨੂੰ ਪਤਾ ਲੱਗਾ ਕਿ ਸ਼ੋਭਿਤ, ਵਿਕਾਸ ਦੂਬੇ ਦੇ ਖਜ਼ਾਨਚੀ ਜੈ ਬਾਜਪਾਈ ਦਾ ਭਰਾ ਹੈ, ਜੋ ਮੁਕਾਬਲੇ ਵਿੱਚ ਮਾਰਿਆ ਗਿਆ ਸੀ। ਸ਼ੋਭਿਤ ਨਜ਼ੀਰਾਬਾਦ ਥਾਣੇ ਦਾ ਇੱਕ ਗੈਂਗਸਟਰ ਹੈ। ਜਦੋਂ ਅਧਿਆਪਕ ਨੇ ਉਸ ਤੇ ਕਾਰ ਟਰਾਂਸਫਰ ਕਰਨ ਲਈ ਦਬਾਅ ਪਾਇਆ ਤਾਂ ਗੈਂਗਸਟਰ ਸ਼ੋਭਿਤ ਨੇ ਉਸਨੂੰ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ। ਸਵਰੂਪ ਨਗਰ ਪੁਲਿਸ ਨੇ ਦੱਸਿਆ ਕਿ ਅਧਿਆਪਕ ਦੀ ਸ਼ਿਕਾਇਤ ਤੇ ਰਿਪੋਰਟ ਦਰਜ ਕਰਨ ਤੋਂ ਬਾਅਦ, ਦੋਸ਼ੀ ਸ਼ੋਭਿਤ ਬਾਜਪਾਈ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਕਾਰ ਵੀ ਜ਼ਬਤ ਕਰ ਲਈ ਗਈ ਹੈ।

## ਪੰਜਾਬੀ ਸਾਹਿਤ ਦੀ ਝੋਲੀ ਚ ਦੋ ਕਾਵਿ ਪੁਸਤਕਾਂ ਪਾਉਣ ਵਾਲੇ ਪੰਜਾਬੀ ਸ਼ਾਇਰ ਭਗਤ ਨਰਾਇਣ ਨਹੀਂ ਰਹੇ



ਅੰਮ੍ਰਿਤਸਰ, (ਲੋਕ ਬਾਣੀ) () ਇਹ ਖਬਰ ਬਹੁਤ ਦੁੱਖ ਨਾਲ ਪੜ੍ਹੀ ਜਾਵੇਗੀ ਕਿ ਪੰਜਾਬੀ ਸਾਹਿਤ ਦੀ ਝੋਲੀ ਵਿੱਚ ਦੋ ਕਾਵਿ ਪੁਸਤਕਾਂ ਗੁੰਮਨਾਮ ਖ਼ਤ ਅਤੇ ਕੈਨਵਸ ਦੇ ਖ਼੍ਵਾਬ ਪਾਉਣ ਵਾਲੇ ਪੰਜਾਬੀ ਸ਼ਾਇਰ ਭਗਤ ਨਰਾਇਣ ਹੁਣ ਇਸ ਦੁਨੀਆ ਤੇ ਨਹੀਂ ਰਹੇ। ਉਹ ਕਾਨੂੰਗੋ ਵਜੋਂ ਸੇਵਾ ਮੁਕਤ ਹੋਏ ਸਨ ਅਤੇ ਅੱਜ ਕੱਲ੍ਹ ਉਨ੍ਹਾਂ ਨੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਦੁਬਾਰਾ ਨੌਕਰੀ ਕਰਨੀ ਸ਼ੁਰੂ ਕਰ ਦਿੱਤੀ ਸੀ ਅਤੇ ਇਸ ਵੇਲੇ ਉਹ ਮਜੀਠਾ ਵਿਖੇ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ। ਉਨ੍ਹਾਂ ਦੇ ਬਹੁਤ ਹੀ ਕਰੀਬੀ ਦੋਸਤ ਸ਼ਾਇਰ ਅਤੇ ਪੱਤਰਕਾਰ ਐੱਸ. ਪਰਸ਼ੋਤਮ ਅਨੁਸਾਰ 22 ਜਨਵਰੀ ਨੂੰ ਉਹ ਜਦੋਂ ਸਵੇਰੇ ਡਿਊਟੀ ਤੇ ਜਾਣ ਲਈ ਤਿਆਰ ਹੋ ਰਹੇ ਸਨ ਤਾਂ ਉਸ ਵੇਲੇ ਹੀ ਉਨ੍ਹਾਂ ਨੂੰ ਦਿਲ ਦਾ ਦੌਰਾ ਪੈ ਗਿਆ, ਜੋ ਉਨ੍ਹਾਂ ਲਈ ਜਾਨ ਲੇਵਾ ਸਾਬਤ ਹੋਇਆ।

ਭਗਤ ਨਰਾਇਣ ਦਾ ਅੰਤਿਮ ਸੰਸਕਾਰ ਉਨ੍ਹਾਂ ਦੇ ਪੁੱਤਰ ਦੇ ਨਿਊਜ਼ੀਲੈਂਡ ਤੋਂ ਵਾਪਸ ਆਉਣ ਤੇ 27 ਜਨਵਰੀ, ਦਿਨ ਸੋਮਵਾਰ ਨੂੰ ਦੁਪਹਿਰ 12 ਵਜੇ ਦੁਰਗਿਆਣਾ ਮੰਦਰ ਸ਼ਮਸ਼ਾਨ ਘਾਟ ਵਿਖੇ ਕੀਤਾ ਜਾਏਗਾ। ਇਸ ਦੁੱਖ ਦੀ ਘੜੀ ਵਿੱਚ ਪੰਜਾਬੀ ਸਾਹਿਤ ਸਭਾ ਚੋਗਾਵਾਂ ਦੇ ਪ੍ਰਧਾਨ ਧਰਵਿੰਦਰ ਸਿੰਘ ਔਲਖ, ਰਮੇਸ਼ ਯਾਦਵ, ਸਤਨਾਮ ਔਲਖ, ਸਤਨਾਮ ਮੂਧਲ, ਬੀ.ਡੀ. ਭਗਤ, ਨਿਰੰਜਨ ਸਿੰਘ ਗਿੱਲ, ਸੁਰਿੰਦਰ ਕੌਰ ਸਰਾਏ, ਕੁਲਦੀਪ ਸਿੰਘ ਦਰਾਜਕੇ, ਸੁਰਿੰਦਰ ਸਿੰਘ ਚੋਹਕਾ ਯੁਧਬੀਰ ਸਿੰਘ ਔਲਖ, ਗਿਆਨੀ ਪਿਆਰਾ ਸਿੰਘ ਜਾਚਕ, ਓਮ ਪ੍ਰਕਾਸ਼ ਭਗਤ, ਰਮੇਸ਼ ਕੁਮਾਰ ਜਾਨੂੰ, ਰਾਜ ਚੋਗਾਵਾਂ, ਪ੍ਰਗਟ ਸਿੰਘ ਔਲਖ, ਸਤਨਾਮ ਜੱਸੜ, ਗੁਰਜਿੰਦਰ ਸਿੰਘ ਬਘਿਆੜੀ, ਜਗਰੂਪ ਐਮਾਂ, ਗੁਰਪ੍ਰੀਤ ਸੈਂਸਰਾ, ਗੁਰਬਾਜ ਛੀਨਾ, ਸੁਖਬੀਰ ਸਿੰਘ ਭੁੱਲਰ ਆਦਿ ਸਾਹਿਤਕ ਸ਼ਖਸ਼ੀਅਤਾਂ ਨੇ ਸ੍ਰੀ ਭਗਤ ਨਰਾਇਣ ਦੇ ਪਰਿਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ।

# ਰਿਸ਼ਤੇ ਨਾਤੇ ਦੇ ਪ੍ਰੀਮੀਅਰ ਨੇ ਦਰਸ਼ਕਾਂ ਦੇ ਦਿਲਾਂ ਵਿੱਚ ਬਣਾਈ ਖਾਸ ਜਗ੍ਹਾ !!



(ਲੋਕ ਬਾਣੀ) ਯਾਦਗਾਰ ਰਾਤ: ਰਿਸ਼ਤੇ ਨਾਤੇ ਪ੍ਰੀਮੀਅਰ ਸਿਤਾਰਿਆਂ ਅਤੇ ਪ੍ਰਸ਼ੰਸਕਾਂ ਨੂੰ ਇਕੱਠੇ ਲਿਆਉਂਦੇ ਆਏ ਨਜ਼ਰ, ਫਿਲਮ ਰਿਸ਼ਤੇ ਨਾਤੇ ਹੁਣ ਸਿਨੇਮਾਘਰਾਂ ਵਿੱਚ।

ਗੁਰਕ੍ਰਿਪਾਲ ਸੂਰੀ ਜੀ ਦੀ ਮੌਜੂਦਗੀ ਨਾਲ ਪੰਜਾਬੀ ਫਿਲਮ ਰਿਸ਼ਤੇ ਰਾਤੇ ਦਾ ਸਟਾਰ-ਸਟੱਡਡ ਪ੍ਰੀਮੀਅਰ ਰੌਸ਼ਨ ਹੋ ਗਿਆ। ਬਹੁ-ਉਡੀਕੀ ਜਾ ਰਹੀਂ ਪੰਜਾਬੀ ਫਿਲਮ ਰਿਸ਼ਤੇ ਨਾਤੇ ਦਾ ਇੱਕ ਸ਼ਾਨਦਾਰ ਪ੍ਰੀਮੀਅਰ ਸੀ, ਜਿਸ ਵਿੱਚ ਫਿਲਮ ਦੀ ਸਟਾਰ ਕਾਸਟ ਅਤੇ ਪ੍ਰਸਿੱਧ ਪੰਜਾਬੀ ਗਾਇਕ ਗੁਰਕ੍ਰਿਪਾਲ ਸੂਰੀ ਜੀ ਨੇ ਸ਼ਿਰਕਤ ਕੀਤੀ। ਪ੍ਰਸ਼ੰਸਕ ਅਤੇ ਮੀਡੀਆ ਇਸ ਸ਼ਾਨਦਾਰ ਘਟਨਾ ਦੇ ਗਵਾਹ ਬਣਨ ਲਈ ਵੱਡੀ ਗਿਣਤੀ ਵਿੱਚ ਇਕੱਠੇ ਹੋਏ, ਇੱਕ ਫਿਲਮ ਦਾ ਜਸ਼ਨ ਮਨਾਉਂਦੇ ਹੋਏ ਜੋ ਪਿਆਰ, ਪਰਿਵਾਰ ਅਤੇ ਇੱਕਜੁਟਤਾ ਦੇ ਤੱਤ ਨੂੰ ਖੂਬਸੂਰਤੀ ਨਾਲ ਕੈਪਚਰ ਕਰਦੀ ਹੈ।

ਪ੍ਰੀਮੀਅਰ ਵਿੱਚ ਮੁੱਖ ਕਲਾਕਾਰ ਰਘਬੀਰ ਸਿੰਘ ਸੋਹਲ ਅਤੇ ਲਵ ਗਿੱਲ ਦੇ ਨਾਲ-ਨਾਲ ਪੰਜਾਬੀ ਗਾਇਕ ਮਲਕੀਤ ਰੌਣੀ, ਪਰਮਿੰਦਰ ਗਿੱਲ, ਗੁਰਪ੍ਰੀਤ ਮੰਡ ਅਤੇ ਸੁਨੀਤਾ ਧੀਰ ਨੇ ਹਾਜ਼ਰੀ ਭਰੀ। ਰੈੱਡ ਕਾਰਪੇਟ ਉਤਸਾਹ ਨਾਲ ਗੂੰਜ ਰਿਹਾ ਸੀ ਕਿਉਂਕਿ ਸਿਤਾਰਿਆਂ ਨੇ ਪ੍ਰਸ਼ੰਸਕਾਂ ਨਾਲ ਗੱਲਬਾਤ ਕੀਤੀ, ਫਿਲਮ ਨੂੰ ਰਿਲੀਜ਼ ਤੋਂ ਪਹਿਲਾਂ ਮਿਲੇ ਭਰਵੇਂ ਹੁੰਗਾਰੇ ਲਈ ਆਪਣੀ ਖੁਸ਼ੀ ਅਤੇ ਧੰਨਵਾਦ ਸਾਂਝਾ ਕੀਤਾ।

ਨਿਰਦੇਸ਼ਕ ਨਸੀਬ ਰੰਧਾਵਾ ਅਤੇ ਨਿਰਮਾਤਾ ਕਸ਼ਮੀਰ ਸਿੰਘ ਸੋਹਲ ਅਤੇ ਕੁਲਜੀਤ ਸਿੰਘ ਖਾਲਸਾ ਨੇ ਦਰਸ਼ਕਾਂ ਦਾ ਅਟੁੱਟ ਸਹਿਯੋਗ ਲਈ ਧੰਨਵਾਦ ਕੀਤਾ। ਇਹ ਫਿਲਮ ਹਰ ਪਰਿਵਾਰ ਲਈ ਹੈ। ਅਸੀਂ ਉਮੀਦ ਕਰਦੇ ਹਾਂ ਕਿ ਇਹ ਦਿਲਾਂ ਨੂੰ ਛੂਹੇਗਾ ਅਤੇ ਲੋਕਾਂ ਨੂੰ ਨੇੜੇ ਲਿਆਏਗਾ, ਉਨ੍ਹਾਂ ਨੇ ਸਾਂਝਾ ਕੀਤਾ।

ਇਸਦੇ ਸ਼ਕਤੀਸ਼ਾਲੀ ਬਿਰਤਾਂਤ ਅਤੇ ਭਾਵਨਾਤਮਕ ਡੂੰਘਾਈ ਦੇ ਨਾਲ, ਰਿਸ਼ਤੇ ਨਾਤੇ ਇੱਕ ਲਾਜ਼ਮੀ ਦੇਖਣ ਦਾ ਵਾਅਦਾ ਕਰਦਾ ਹੈ। ਇਹ ਫਿਲਮ ਹੁਣ

# ਯੂ ਐਂਡ ਆਈ ਦੇ ਮਿਊਜ਼ਿਕ ਲੇਬਲ ਤੋਂ ਇਸ ਮਿਸ ਕਾਲ ਨੂੰ ਮਿਸ ਕਰਨ ਦੀ ਭੁੱਲ ਨਾ ਕਰੋ

(ਲੋਕ ਬਾਣੀ) ਯੂ ਐਂਡ ਆਈ ਫਿਲਮਜ਼ ਨੇ ਗੁਰਸੇਵਕ ਢਿੱਲੋਂ ਦੇ ਨਵੇਂ ਹਿੱਟ ਗੀਤ ਨਾਲ ਮਿਊਜ਼ਿਕ ਇੰਡਸਟਰੀ ਵਿੱਚ ਸ਼ਾਨਦਾਰ ਐਂਟਰੀ ਕੀਤੀ ਹੈ ਜੋ ਪੰਜਾਬੀ ਮਿਊਜ਼ਿਕ ਇੰਡਸਟਰੀ ਵਿੱਚ ਆਪਣੀ ਨਵੀਂ ਪਹਿਚਾਣ ਬਣਾਵੇਗਾ।



ਆਖਰਕਾਰ ਇੰਤਜ਼ਾਰ ਹੋਇਆ ਖਤਮ! ਯੂ ਐਂਡ ਆਈ ਫਿਲਮਜ਼ ਗਾਇਕ ਗੁਰਸੇਵਕ ਢਿੱਲੋਂ ਦੀ ਨਵੀਂ ਰਿਲੀਜ਼, ਮਿਸ ਕਾਲ ਨਾਲ ਮਿਊਜ਼ਿਕ ਇੰਡਸਟਰੀ ਵਿੱਚ ਨਵਾਂ ਸਥਾਨ ਹਾਸਿਲ ਕੀਤਾ ਹੈ। ਯੂਐਂਡਆਈ ਫਿਲਮਜ਼, ਜੋ ਕਿ ਕਲੀ ਜੋਟਾ ਅਤੇ ਜੀ ਵੇ ਸੋਹਣਿਆ ਜੀ ਵਰਗੀਆਂ ਹਿੱਟ ਫਿਲਮਾਂ ਦੇਣ ਲਈ ਜਾਣੀ ਜਾਂਦੀ ਹੈ, ਇੱਕ ਵਾਰ ਫਿਰ ਪੰਜਾਬੀ ਮਿਊਜ਼ਿਕ ਇੰਡਸਟਰੀ ਵਿੱਚ ਤੂਫਾਨ ਲਿਆਉਣ ਲਈ ਤਿਆਰ ਹੈ।

ਮਿਸ ਕਾਲ ਰੂਹਾਨੀ ਬੋਲਾਂ, ਸ਼ਾਨਦਾਰ ਬੀਟਸ ਅਤੇ ਸ਼ਾਨਦਾਰ ਵਿਜ਼ੁਅਲਸ ਦਾ ਇੱਕ ਸੰਪੂਰਨ ਮਿਸ਼ਰਣ ਹੈ। ਪ੍ਰਤਿਭਾਸ਼ਾਲੀ ਗੀਤਕਾਰ ਵਿੱਕੀ ਭੁੱਲਰ ਦੁਆਰਾ ਲਿਖਿਆ ਅਤੇ ਹਨੀ ਢਿੱਲੋਂ ਦੁਆਰਾ ਮਿਊਜ਼ਿਕ ਨਾਲ ਜ਼ਿੰਦਗੀ ਵਿੱਚ ਲਿਆਂਦਾ, ਇਹ ਟਰੈਕ ਸਰੋਤਿਆਂ ਲਈ ਇੱਕ ਟ੍ਰੀਟ ਹੈ। ਰਚਨਾਤਮਕ ਪ੍ਰਤਿਭਾ ਸੁੱਖ ਸੰਘੇੜਾ ਦੁਆਰਾ ਨਿਰਦੇਸ਼ਤ, ਸੰਗੀਤ ਵੀਡੀਓ ਪਹਿਲਾਂ ਤੋਂ ਹੀ ਮਨਮੋਹਕ ਗੀਤ ਨੂੰ ਇੱਕ ਵਿਲੱਖਣ ਅਹਿਸਾਸ ਜੋੜਦਾ ਹੈ। ਇਸ ਪ੍ਰੋਜੈਕਟ ਨੂੰ ਗਤੀਸ਼ੀਲ ਨਿਰਮਾਤਾ ਸੰਨੀ ਰਾਜ ਅਤੇ ਸਰਲਾ ਰਾਣੀ ਦੁਆਰਾ ਨਿਰਦੇਸ਼ਤ ਕੀਤਾ ਗਿਆ ਹੈ, ਜੋ ਇਸ ਗੀਤ ਨੂੰ ਵਿਸ਼ੇਸ਼ ਤੌਰ ਤੇ ਯੂ ਐਂਡ ਆਈ ਮਿਊਜ਼ਿਕ ਲੇਬਲ ਹੇਠ ਰਿਲੀਜ਼ ਕਰਨ ਲਈ ਬਹੁਤ ਖੁਸ਼ ਹਨ।

ਸੰਨੀ ਰਾਜ ਨੇ ਆਪਣੇ ਉਤਸ਼ਾਹ ਨੂੰ ਜ਼ਾਹਰ ਕਰਦੇ ਹੋਏ ਕਿਹਾ, ਮੈਂ ਮਿਸ ਕਾਲ ਦੀ ਰਿਲੀਜ਼ ਨੂੰ ਲੈ ਕੇ ਬਹੁਤ ਉਤਸ਼ਾਹਿਤ ਹਾਂ। ਇਹ ਟਰੈਕ ਊਰਜਾ ਅਤੇ ਰੂਹ ਨਾਲ ਭਰਪੂਰ ਹੈ, ਅਤੇ ਮੈਨੂੰ ਭਰੋਸਾ ਹੈ ਕਿ ਇਹ ਹਰ ਜਗ੍ਹਾ ਸੰਗੀਤ ਪ੍ਰੇਮੀਆਂ ਨਾਲ ਜੁੜ ਜਾਵੇਗਾ। ਅਸੀਂ ਮੈਂ ਆਪਣੀ ਪ੍ਰੋਜੈਕਟ ਵਿੱਚ ਦਿਲ ਅਤੇ ਆਤਮਾ, ਅਤੇ ਮੈਂ ਹਰ ਕਿਸੇ ਨੂੰ ਇਸਦਾ ਅਨੁਭਵ ਕਰਨ ਦੀ ਉਡੀਕ ਨਹੀਂ ਕਰ ਸਕਦਾ'

ਸਰਲਾ ਰਾਣੀ ਨੇ ਆਪਣਾ ਉਤਸ਼ਾਹ ਸਾਂਝਾ ਕਰਦਿਆਂ ਹੈ, ਮਿਸ ਕਾਲ ਸਿਰਫ਼ ਇੱਕ ਗੀਤ ਨਹੀਂ ਹੈ - ਇਹ ਸੰਗੀਤ, ਰਚਨਾਤਮਕਤਾ ਅਤੇ ਜਨੂੰਨ ਦਾ ਜਸ਼ਨ ਹੈ, ਮੈਂ ਇਸ ਪ੍ਰੋਜੈਕਟ ਨੂੰ ਜੀਵਨ ਵਿੱਚ ਲਿਆਉਣ ਲਈ ਬਹੁਤ ਖੁਸ਼ ਹਾਂ ਅਤੇ ਦਰਸ਼ਕਾਂ ਦੇ ਇਸ ਨਾਲ ਜੁੜਨ ਦੀ ਉਡੀਕ ਨਹੀਂ ਕਰ ਸਕਦੀ ਕੁਝ ਅਜਿਹਾ ਪੇਸ਼ ਕਰਨ ਲਈ ਜੋ ਸੱਚਮੁੱਚ ਯਾਦਗਾਰੀ ਹੋਵੇ। ਆਪਣੇ ਉਤਸ਼ਾਹ ਨੂੰ ਜ਼ਾਹਰ ਕਰਦੇ ਹੋਏ, ਉਹ ਕਹਿੰਦੇ ਹਨ, ਸਾਨੂੰ ਆਪਣੇ ਦਰਸ਼ਕਾਂ ਲਈ ਇੱਕ ਹੋਰ ਯਾਦਗਾਰੀ ਟਰੈਕ ਪੇਸ਼ ਕਰਦੇ ਹੋਏ ਮਾਣ ਮਹਿਸੂਸ ਹੋ ਰਿਹਾ ਹੈ।'

ਹੁਣੇ ਮਿਸ ਕਾਲ ਨੂੰ ਸਟ੍ਰੀਮ ਕਰੋ ਅਤੇ ਅਗਲੇ ਪੰਜਾਬੀ ਹਿੱਟ ਗੀਤਾਂ ਨੂੰ ਦੇਖਣ ਅਤੇ ਸੁਣਨ ਲਈ ਤਿਆਰ ਹੋ ਜਾਓ।

# 26 ਜਨਵਰੀ ਦੇ ਮੱਦੇ ਨਜ਼ਰ ਸ਼ੇਰਪੁਰ ਪੁਲਿਸ ਵੱਲੋਂ ਵਹੀਕਲਾਂ ਦੀ ਚੈਕਿੰਗ



ਸ਼ੇਰਪੁਰ, (ਲੋਕ ਬਾਣੀ) - ਸਰਤਾਜ ਸਿੰਘ ਚਾਹਲ ਐਸਐਸਪੀ ਸੰਗਰੂਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਥਾਣਾ ਸ਼ੇਰਪੁਰ ਦੇ ਐਸਐਚਓ ਬਲਵੰਤ ਸਿੰਘ ਬਲਿੰਗ ਵੱਲੋਂ ਕਸਬਾ ਸ਼ੇਰਪੁਰ ਦੇ ਵੱਖ- ਵੱਖ ਨਾਕਿਆਂ ਤੇ ਸਪੈਸ਼ਲ ਨਾਕਾਬੰਦੀ ਕਰਕੇ 26 ਜਨਵਰੀ ਦੇ ਮੱਦੇ ਨਜ਼ਰ ਆਉਣ ਜਾਣ ਵਾਲੇ ਵਹੀਕਲਾਂ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਗੱਲਬਾਤ ਕਰਦਿਆਂ ਐਸਐਚਓ ਬਲਿੰਗ ਨੇ ਕਿਹਾ ਕਿ 26 ਜਨਵਰੀ ਗਣਤੰਤਰ ਦਿਵਸ ਦੇ ਮੱਦੇਨਜ਼ਰ ਸ਼ਹਿਰ ਅੰਦਰ ਅਮਨ ਸ਼ਾਂਤੀ ਬਰਕਰਾਰ ਰੱਖਣ ਲਈ ਥਾਣਾ ਸ਼ੇਰਪੁਰ ਦੀ ਹਾਦੂਦ ਅੰਦਰ ਪੁਲਸ ਪ੍ਰਸ਼ਾਸਨ ਵੱਲੋਂ ਪੂਰੀ ਮੁਸਤੈਦੀ ਵਰਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ ਅਤੇ ਗਣਤੰਤਰ ਦਿਵਸ ਪੁਰ ਅਮਨ ਸ਼ਾਂਤੀ ਨਾਲ ਮਨਾਇਆ ਜਾਵੇਗਾ। ਉਹਨਾਂ ਕਿਹਾ ਕਿ ਜੇਕਰ ਕੋਈ ਵੀ ਸ਼ੱਕੀ ਵਿਅਕਤੀ ਜਾਂ ਸ਼ੱਕੀ ਸਮਾਨ ਕਿਸੇ ਵਿਅਕਤੀ ਨੂੰ ਮਿਲਦਾ ਜਾਂ ਦਿਖਾਈ ਦਿੰਦਾ ਹੈ ਤਾਂ ਉਹ ਇਸਦੀ ਸੂਚਨਾ ਤੁਰੰਤ ਸਬੰਧਿਤ ਥਾਣੇ ਅੰਦਰ ਦੇਵੇ ਤਾਂ ਜੋ ਪੁਲਸ ਪ੍ਰਸ਼ਾਸਨ ਵੱਲੋਂ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਸਕੇ। ਉਹਨਾਂ ਕਸਬਾ ਸ਼ੇਰਪੁਰ ਦੇ ਵਸਨੀਕਾਂ ਨੂੰ ਵੀ ਅਪੀਲ ਕੀਤੀ ਕਿ ਆਉਣ ਵਾਲੇ ਦਿਨਾਂ ਵਿੱਚ ਪਾਬੰਦੀਸ਼ੁਦਾ ਚਾਈਨਾ ਡੋਰ ਦੀ ਵਰਤੋਂ ਨਾ ਕੀਤੀ ਜਾਵੇ ਕਿਉਂਕਿ ਇਹ ਮਨੁੱਖੀ ਜ਼ਿਦਗੀ ਲਈ ਬੇਹੱਦ ਘਾਤਕ ਹੈ। ਇਸ ਮੌਕੇ ਉਹਨਾਂ ਨਾਲ ਥਾਣਾ ਸ਼ੇਰਪੁਰ ਦੇ ਪੁਲਸ ਮੁਲਾਜ਼ਮ ਵੀ ਹਾਜ਼ਰ ਸਨ।

SHAHEED BABA NIHAL SINGH CHARITABLE HOSPITAL
Near Gurudwara Talhan, VPO-Talhan, Distt. Jalandhar, Ph. 0181-2770808
FACILITIES AVAILABLE
Ambulance Service 24hrs.
I.C.C.U. (Intensive Cardiac Care Unit), Indoor Facies Ultrasound Scan, Gyane & Obstetrical Operations, Surgierles, Neonatal ICU (Incubator Phototherapy) Well Equipped Laboratory, Nebulizer for Asthma Patients, Ortho & Spine Surgeon, Special Clinic for Skin & V.D., SIDS & HIV Patients, ECG, Dental Facilites, Eye Operations
Free Medicine for 9am to 5pm

JSDC GROUP
ਜਲੰਧਰ ਸਕਿਲ ਡਿਵੈਲਪਮੈਂਟ ਕਾਰਪੋਰੇਸ਼ਨ
178, ਪੁਲਿਸ ਲਾਈਨ ਰੋਡ, ਰਣਜੀਤ ਨਗਰ, ਜਲੰਧਰ - ਇੰਡੋ ਕੈਨੇਡੀਅਨ ਬੱਸ ਦਫਤਰ ਦੇ ਨੇੜੇ
ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਤੋਂ ਮਾਨਤਾ ਪ੍ਰਾਪਤ ਭਰਤੀ ਏਜੰਸੀ | ਲਾਇਸੰਸ ਨੰ: B-1303/PUN/PER/1000+/5/9437/2018
82880 21797
82880 21798
WWW.JSDCGROUP.COM
ਦੁਬਈ, ਕੁਵੈਤ ਅਤੇ ਯੂਰਪ ਦੇ ਦੇਸ਼ਾਂ ਵਿੱਚ ਵਰਕ ਪਰਮਿਟ ਦੀ ਜਾਣਕਾਰੀ ਲਈ ਅੱਗੇ ਦਿੱਤੇ ਨੰਬਰਾਂ 'ਤੇ ਕਾਲ ਕਰੋ ਜਾਂ ਸਾਡੇ ਫੇਸਬੁੱਕ, ਇੰਸਟਾਗ੍ਰਾਮ, ਲਿੰਕਡਇਨ, ਯੂਟਿਊਬ ਅਤੇ ਟਵਿੱਟਰ ਅਕਾਊਂਟਸ ਨੂੰ ਫਾਲੋ ਕਰੋ
JSDC GROUP - INDIA

INNOCENT HEARTS GROUP OF INSTITUTIONS
Learning Today... Leading Tomorrow !
150+ Placements in Session 2022-23
18+ MOUs with Industries
upto 100% Scholarship Schemes*
Offering 20+ Programmes
Management | Commerce | Information Technology
Hospitality | Medical Lab | Healthcare Sciences
Enroll for Session 2023-24
1800-833-4600
87250-33447
www.ihgi.in

St. Soldier GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
/stsoldiergroup
www.stsoldiergroup.com
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565